ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 19 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੩ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## 20 ਅਕਤੂਬਰ ਨੂੰ ਪੰਜਾਬ ਆਉਣਗੇ ਅਮਿਤ ਸ਼ਾਹ

**ਚੰਡੀਗੜ੍ਹ/ਲੁਧਿਆਣਾ, 18 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ 20 ਅਕਤੂਬਰ ਨੂੰ ਪੰਜਾਬ ਦੌਰੇ 'ਤੇ ਆ ਰਹੇ ਹਨ। ਉਨ੍ਹਾਂ ਦੇ ਦੌਰੇ ਤੋਂ ਪਹਿਲਾਂ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਨੇ ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਉਨ੍ਹਾਂ ਦਾ ਸਵਾਗਤ ਕੀਤਾ ਹੈ।ਆਪਣੀ ਪੋਸਟ 'ਚ ਰਵਨੀਤ ਬਿੱਟੂ ਨੇ ਲਿਖਿਆ ਕਿ ਪੰਜਾਬ 20 ਅਕਤੂਬਰ ਨੂੰ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਜੀ ਦੇ ਪੰਜਾਬ ਦੌਰੇ ਦਾ ਸਵਾਗਤ ਕਰਦਾ ਹੈ। ਅੱਜ ਪੰਜਾਬ ਨਸ਼ਿਆਂ ਦੇ ਗੰਭੀਰ ਸੰਕਟ ਨਾਲ ਜੂਝ ਰਿਹਾ ਹੈ, ਤਾਂ ਸਾਨੂੰ ਨਸ਼ਿਆਂ ਦੇ ਖ਼ਾਤਮੇ, ਸਾਡੀ ਨੌਜਵਾਨ ਪੀੜ੍ਹੀ ਦੀ ਸੁਰੱਖਿਆ ਅਤੇ ਪੰਜਾਬ ਦੇ ਸੁਨਹਿਰੀ ਭਵਿੱਖ ਲਈ ਦ੍ਰਿੜ੍ਹ ਇੱਛਾ-ਸ਼ਕਤੀ, ਮਜ਼ਬੂਤ ਅਗਵਾਈ ਅਤੇ ਨਿਰਣਾਇਕ ਕਾਰਵਾਈ ਦੀ ਲੋੜ ਹੈ। ਬਿੱਟੂ ਨੇ ਕਿਹਾ ਕਿ ਪੰਜਾਬ ਦੀ 'ਆਪ' ਸਰਕਾਰ ਆਪਣੇ ਕਾਰਜਕਾਲ ਦੀ ਸਮਾਪਤੀ ਤੋਂ ਪਹਿਲਾਂ ਹੀ ਲੋਕਾਂ ਦਾ ਭਰੋਸਾ ਅਤੇ ਸਮਰਥਨ ਗੁਆ ਚੁੱਕੀ ਹੈ।ਉਨ੍ਹਾਂ ਪੰਜਾਬ ਦੇ ਹਰ ਵਸਨੀਕ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਅਮਿਤ ਸ਼ਾਹ ਜੀ ਦਾ ਸਾਥ ਦੇਣ ਅਤੇ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਦੇ ਸਾਂਝੇ ਸੰਕਲਪ 'ਚ ਵਿਸ਼ਵਾਸ ਰੱਖਣ।ਆਓ, ਪੰਜਾਬ ਦੀ ਜਵਾਨੀ ਨੂੰ ਬਚਾਉਣ ਅਤੇ ਭਵਿੱਖ ਨੂੰ ਸੁਰੱਖਿਅਤ ਤੇ ਖੁਸ਼ਹਾਲ ਬਣਾਉਣ ਲਈ ਇਕਜੁੱਟ ਹੋਈਏ! ਜਾਣਕਾਰੀ ਮੁਤਾਬਤ ਇਸ ਦੌਰੇ ਦੌਰਾਨ ਅਮਿਤ ਸ਼ਾਹ ਮਾਨਸਾ ਵਿਖੇ ਨਸ਼ਾ ਵਿਰੋਧੀ ਕਾਰਕੁਨ (ਐਂਟੀ-ਡਰੱਗ ਐਕਟਿਵਿਸਟ) ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨਾਲ ਮੁਲਾਕਾਤ ਕਰਨਗੇ। ਮਾਨਸਾ ਦੇ ਦੌਰੇ ਤੋਂ ਬਾਅਦ ਉਹ ਗੁਰਦਾਸਪੁਰ ਵੀ ਜਾਣਗੇ।

## ਇਰਾਨੀ ਵਿਦੇਸ਼ ਮੰਤਰੀ ਦਾ ਬਿਆਨ

# ਜੰਗ ਖ਼ਤਮ ਕਰਨ ਲਈ ਤਿਆਰ ਹੈ ਇਰਾਨ

**ਤਹਿਰਾਨ, 18 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਿਡਲ ਈਸਟ 'ਚ ਛਿੜੀ ਜੰਗ ਲਗਾਤਾਰ ਲੰਬੀ ਖਿਚਦੀ ਜਾ ਰਹੀ ਹੈ। ਇਸੇ ਦੌਰਾਨ ਇਰਾਕ ਦੀ ਰਾਜਧਾਨੀ ਬਗਦਾਦ 'ਚ 'ਇਸਲਾਮਿਕ ਸਹਿਯੋਗ ਸੰਗਠਨ' ਦੇ ਵਿਦੇਸ਼ ਮੰਤਰੀਆਂ ਦੀ ਬੈਠਕ ਦੌਰਾਨ ਇਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਨੇ ਅਮਰੀਕਾ 'ਤੇ ਹਮਲਾਵਰ ਰੁਖ਼ ਅਪਣਾਉਣ, ਧਮਕੀਆਂ ਅਤੇ ਆਰਥਿਕ ਜੰਗ ਛੇੜਨ ਦੇ ਇਲਜ਼ਾਮ ਲਗਾਏ ਹਨ।ਅਰਾਘਚੀ ਨੇ ਸਪੱਸ਼ਟ ਕੀਤਾ ਕਿ ਇਰਾਨ ਕਿਸੇ ਵੀ ਦਬਾਅ ਜਾਂ ਧਮਕੀ ਅੱਗੇ ਨਹੀਂ ਝੁਕੇਗਾ, ਪਰ ਜੇਕਰ ਭਰੋਸੇਯੋਗ ਗਾਰੰਟੀ ਦਿੱਤੀ ਜਾਵੇ ਤਾਂ ਉਹ ਗੱਲਬਾਤ ਲਈ ਤਿਆਰ ਹੈ। ਅਰਾਘਚੀ ਦਾ ਇਹ ਬਿਆਨ ਅਜਿਹੇ ਸਮੇਂ ਆਇਆ ਹੈ, ਜਦੋਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦਾਅਵਾ ਕੀਤਾ ਹੈ ਕਿ



ਇਰਾਨ ਨਾਲ ਚੱਲ ਰਹੀ ਜੰਗ ਬਹੁਤ ਜਲਦ ਖ਼ਤਮ ਹੋ ਜਾਵੇਗੀ। ਅਰਾਘਚੀ ਨੇ ਇਰਾਕ ਦੇ ਪ੍ਰਧਾਨ ਮੰਤਰੀ ਅਲੀ ਅਲ-ਜ਼ੈਦੀ ਨਾਲ ਵੀ ਮੁਲਾਕਾਤ ਕੀਤੀ ਅਤੇ ਕਿਹਾ ਕਿ ਅਮਰੀਕਾ ਨੇ ਵਾਰ-ਵਾਰ ਕੂਟਨੀਤਕ ਯਤਨਾਂ ਨੂੰ ਨੁਕਸਾਨ ਪਹੁੰਚਾਇਆ ਹੈ। ਇਰਾਨੀ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਨੇ ਵੀ ਦੋਹਰਾਇਆ ਕਿ ਇਰਾਨ ਆਪਣੇ ਪ੍ਰਭੂਸੱਤਾ ਦੇ ਅਧਿਕਾਰਾਂ ਨਾਲ ਸਮਝੌਤਾ ਨਹੀਂ ਕਰੇਗਾ। ਇਰਾਨੀ ਸੰਸਦ ਨੇ ਮਹਿਰਦਾਦ ਅਖਲਾਘੀ ਕੇਤਾਬਚੀ ਨੂੰ ਦੇਸ਼ ਦਾ ਨਵਾਂ ਰੱਖਿਆ ਮੰਤਰੀ ਨਿਯੁਕਤ ਕਰਨ ਦੀ ਮਨਜ਼ੂਰੀ ਦੇ ਦਿੱਤੀ ਹੈ। ਇਰਾਨ ਦੇ ਉਪ ਵਿਦੇਸ਼ ਮੰਤਰੀ ਸਈਦ ਖਤੀਬਜ਼ਾਦੇਹ ਨੇ ਕਿਹਾ ਕਿ ਖੇਤਰ 'ਚ ਸਥਾਈ ਸ਼ਾਂਤੀ ਲਈ ਸਾਰੇ ਮੋਰਚਿਆਂ 'ਤੇ ਜੰਗਬੰਦੀ ਜ਼ਰੂਰੀ ਹੈ।ਉਨ੍ਹਾਂ ਦੱਸਿਆ ਕਿ ਜੂਨ 2026 'ਚ ਇਸਲਾਮਾਬਾਦ 'ਚ ਅਮਰੀਕਾ ਨਾਲ ਹੋਏ ਸਮਝੌਤੇ 'ਚ ਲਿਬਨਾਨ ਜੰਗਬੰਦੀ ਵੀ ਸ਼ਾਮਲ ਸੀ। ਇਸ ਤੋਂ ਪਹਿਲਾਂ ਕੇਂਟਕੀ 'ਚ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਸੀ ਕਿ ਇਰਾਨ ਨਾਲ ਜੰਗ ਬਹੁਤ ਜਲਦੀ ਖ਼ਤਮ ਹੋਣ ਜਾ ਰਹੀ ਹੈ। ਜਿਵੇਂ ਹੀ ਇਹ ਜੰਗ ਖ਼ਤਮ ਹੋਵੇਗੀ, ਅਮਰੀਕਾ 'ਚ ਪੈਟਰੋਲ ਤੇ ਗੈਸ ਦੀਆਂ ਕੀਮਤਾਂ ਪਹਿਲਾਂ ਨਾਲੋਂ ਵੀ ਹੇਠਾਂ ਆ ਜਾਣਗੀਆਂ।

## ਪੰਜਾਬ 'ਚ ਜ਼ਬਰਦਸਤ ਹਾਦਸਾ 8 ਮੌਤਾਂ, 12 ਜ਼ਖ਼ਮੀ




**ਲਹਿਰਾਗਾਗਾ , 18 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਹੁਣੇ-ਹੁਣੇ ਸੰਗਰੂਰ ਦੇ ਲਹਿਰਾਗਾਗਾ ਵਿਚ ਦਰਦਨਾਕ ਹਾਦਸਾ ਵਾਪਰ ਗਿਆ, ਜਿਸ ਵਿਚ 8 ਲੋਕਾਂ ਦੀ ਮੌਤ ਹੋਣ ਦੀ ਸੂਚਨਾ ਸਾਹਮਣੇ ਆ ਰਹੀ ਹੈ। ਇਸ ਤੋਂ ਇਲਾਵਾ ਇਕ ਦਰਜਨ ਦੇ ਕਰੀਬ ਲੋਕ ਜ਼ਖ਼ਮੀ ਵੀ ਦੱਸੇ ਜਾ ਰਹੇ ਹਨ। ਜਾਣਕਾਰੀ ਮੁਤਾਬਕ, ਇਹ ਹਾਦਸਾ ਲਹਿਰਾਗਾਗਾ-ਜਾਖਲ ਰੋਡ 'ਤੇ ਵਾਪਰਿਆ ਹੈ। ਇੱਥੇ ਦੋ ਦਰਜਨ ਦੇ ਕਰੀਬ ਮਨਰੇਗਾ ਮਜ਼ਦੂਰ ਸੜਕ 'ਤੇ ਕੰਮ ਕਰ ਰਹੇ ਸਨ। ਇਸ ਦੌਰਾਨ ਇਕ ਤੇਜ਼ ਰਫ਼ਤਾਰ ਵਾਹਨ ਨੇ ਉਨ੍ਹਾਂ ਨੂੰ ਦਰੜ ਦਿੱਤਾ। ਹਾਦਸਾ ਵਾਪਰਦਿਆਂ ਹੀ ਮੌਕੇ 'ਤੇ ਚੀਕ-ਚਿਹਾੜਾ ਮੱਚ ਗਿਆ। ਇਸ ਹਾਦਸੇ ਵਿਚ 8 ਲੋਕਾਂ ਦੀ ਮੌਤ ਹੋਣ ਦੀ ਸੂਚਨਾ ਸਾਹਮਣੇ ਆ ਰਹੀ ਹੈ, ਜਦਕਿ ਕਈ ਹੋਰ ਲੋਕ ਗੰਭੀਰ ਜ਼ਖ਼ਮੀ ਦੱਸੇ ਜਾ ਰਹੇ ਹਨ, ਜਿਨ੍ਹਾਂ ਨੂੰ ਹਸਪਤਾਲ ਪਹੁੰਚਾਇਆ ਜਾ ਰਿਹਾ ਹੈ। ਹਾਦਸੇ ਸਬੰਧੀ ਹੋਰ ਵੇਰਵਿਆਂ ਦੀ ਉਡੀਕ ਹੈ।

## ਗ੍ਰਿਫਤਾਰ ਕੀਤੇ ਹੈੱਡ ਕਾਂਸਟੇਬਲ ਦੇ ਭੇਤ ਖੁੱਲ੍ਹਣੇ ਸ਼ੁਰੂ, 500,000,00 ਦੀ ਹੋਰ ਹੈਰੋਇਨ ਬਰਾਮਦ

**ਤਰਨਤਾਰਨ, 18 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨੀਂ ਐੱਨ. ਸੀ. ਬੀ. ਅਤੇ ਬੀ. ਐੱਸ. ਐੱਫ. ਦੇ ਸਾਂਝੇ ਆਪ੍ਰੇਸ਼ਨ ਦੌਰਾਨ ਐਂਟੀ ਡਰੋਨ ਸਿਸਟਮ 'ਚ ਤਾਇਨਾਤ ਪੰਜਾਬ ਪੁਲਸ ਦੇ ਹੈੱਡ ਕਾਂਸਟੇਬਲ ਕਰਨਬੀਰ ਸਿੰਘ ਨੂੰ 15 ਕਿਲੋ ਹੈਰੋਇਨ ਅਤੇ ਅਸਲੇ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ।ਐੱਨ.ਸੀ.ਬੀ. ਵੱਲੋਂ ਹਿਰਾਸਤ 'ਚ ਲਏ ਗਏ ਮੁਲਜ਼ਮ ਦੀ ਨਿਸ਼ਾਨਦੇਹੀ 'ਤੇ ਸ਼ਨੀਵਾਰ ਨੂੰ 10 ਕਿਲੋ ਹੋਰ ਹੈਰੋਇਨ ਬਰਾਮਦ ਹੋਣ ਦਾ ਸੂਤਰਾਂ ਦੇ ਹਵਾਲੇ ਤੋਂ ਸਮਾਚਾਰ ਪ੍ਰਾਪਤ ਹੋਇਆ ਹੈ।ਜਾਣਕਾਰੀ ਅਨੁਸਾਰ ਬੀ. ਐੱਸ. ਐੱਫ. ਦੀ 115 ਬਟਾਲੀਅਨ ਅਤੇ ਐੱਨ.ਸੀ.ਬੀ. ਵੱਲੋਂ ਸਰਹੱਦੀ ਪਿੰਡ ਲਹੀਆਂ ਨੇੜੇ ਕੀਤੀ ਗਈ ਨਾਕਾਬੰਦੀ ਦੌਰਾਨ ਸਵਿਫ਼ਟ ਕਾਰ 'ਚ ਆ ਰਹੇ ਹੈੱਡ ਕਾਂਸਟੇਬਲ ਕਰਨਬੀਰ ਸਿੰਘ ਨੂੰ ਰੋਕ ਕੇ ਤਲਾਸ਼ੀ ਲਈ ਗਈ ਸੀ ਤਾਂ ਗੱਡੀ 'ਚੋਂ 15 ਕਿਲੋ ਹੈਰੋਇਨ ਦੇ 3 ਪੈਕੇਟ, ਇਕ ਰਿਵਾਲਵਰ, 5 ਜ਼ਿੰਦਾ ਕਾਰਤੂਸ, 7 ਹਜ਼ਾਰ ਰੁਪਏ ਦੀ ਨਕਦੀ, 2 ਮੋਬਾਈਲ, 5 ਪਛਾਣ ਪੱਤਰ, ਏ. ਟੀ. ਐੱਮ. ਕਾਰਡ, ਡੌਂਗਲ ਅਤੇ ਚਾਰਜਰ ਬਰਾਮਦ ਹੋਇਆ ਸੀ। ਐੱਨ. ਸੀ. ਬੀ. ਵੱਲੋਂ ਮੁਲਜ਼ਮ ਦੇ ਮੋਬਾਈਲ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਪਾਕਿਸਤਾਨੀ ਡਰੋਨਾਂ ਰਾਹੀਂ ਮੰਗਵਾਈਆਂ ਗਈਆਂ ਖ਼ੇਪਾਂ, ਅੱਗੇ ਸਪਲਾਈ ਕਰਨ ਵਾਲੇ ਨੈੱਟਵਰਕ ਅਤੇ ਹੋਰ ਸਮੱਗਲਰਾਂ ਦਾ ਪਤਾ ਲਾਇਆ ਜਾ ਸਕੇ। ਜਾਂਚ ਦੌਰਾਨ ਐੱਨ. ਸੀ. ਬੀ. ਟੀਮ ਵੱਲੋਂ ਸ਼ਨੀਵਾਰ ਸ਼ਾਮ ਮੁਲਜ਼ਮ ਦੇ ਰਿਹਾਇਸ਼ੀ ਪਿੰਡ ਭੂਸੇ ਵਿਖੇ ਦਸਤਕ ਦਿੱਤੀ ਗਈ। ਸਥਾਨਕ ਪੁਲਸ ਨੂੰ ਭਿਣਕ ਲੱਗੇ ਬਿਨਾਂ ਮੁਲਜ਼ਮ ਕਰਨਬੀਰ ਸਿੰਘ ਦੀ ਨਿਸ਼ਾਨਦੇਹੀ 'ਤੇ ਪਿੰਡ 'ਚ ਟਾਵਰ ਨੇੜੇ ਲੁਕਾ ਕੇ ਰੱਖੀ 10 ਕਿਲੋ ਹੈਰੋਇਨ ਹੋਰ ਬਰਾਮਦ ਕੀਤੀ ਗਈ, ਜਿਸ ਦੀ ਅੰਤਰਰਾਸ਼ਟਰੀ ਬਾਜ਼ਾਰ 'ਚ ਕੀਮਤ ਕਰੀਬ 50 ਕਰੋੜ ਰੁਪਏ ਦੱਸੀ ਜਾ ਰਹੀ ਹੈ। ਐੱਨ. ਸੀ. ਬੀ. ਨੇ ਬਰਾਮਦ ਹੈਰੋਇਨ ਕਬਜ਼ੇ 'ਚ ਲੈ ਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ, ਜਿਸ ਨਾਲ ਆਉਣ ਵਾਲੇ ਦਿਨਾਂ 'ਚ ਹੋਰ ਵੱਡੇ ਖ਼ੁਲਾਸੇ ਹੋਣ ਦੀ ਸੰਭਾਵਨਾ ਹੈ।ਹਾਲਾਂਕਿ ਇਸ ਬਰਾਮਦਗੀ ਸਬੰਧੀ ਕਿਸੇ ਅਧਿਕਾਰੀ ਨੇ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਹੈ।



## ਫਰਾਂਸ ਮਗਰੋਂ ਕਈ ਯੂਰਪੀ ਦੇਸ਼ਾਂ 'ਚ ਫ਼ੈਲਿਆ ਪ੍ਰਦਰਸ਼ਨਾਂ ਦਾ ਸੇਕ ! ਸੜਕਾਂ 'ਤੇ ਉਤਰੇ ਹਜ਼ਾਰਾਂ ਲੋਕ

**ਸਪੇਨ, 18 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਫਰਾਂਸ 'ਚ ਜਦੋਂ ਪਹਿਲਾਂ ਹੀ ਮਹਿੰਗਾਈ, ਮਾੜੀ ਸਿੱਖਿਆ ਪ੍ਰਣਾਲੀ, ਸਕੂਲਾਂ ਦੀ ਮਾੜੀ ਹਾਲਤ ਸਣੇ ਕਈ ਮਾਮਲਿਆਂ ਨੂੰ ਲੈ ਕੇ ਪ੍ਰਦਰਸ਼ਨ ਚੱਲ ਰਹੇ ਹਨ, ਉੱਥੇ ਹੀ ਯੂਰਪ ਦੇ ਕਈ ਦੇਸ਼ ਹੁਣ ਇਨ੍ਹਾਂ ਪ੍ਰਦਰਸ਼ਨਾਂ ਦੀ ਚਪੇਟ 'ਚ ਆ ਗਏ ਹਨ। ਮਹਿੰਗਾਈ, ਘੱਟ ਮਜ਼ਦੂਰੀ ਅਤੇ ਅਸਮਾਨ ਛੂੰਹਦੀਆਂ ਰਿਹਾਇਸ਼ੀ ਕੀਮਤਾਂ ਖ਼ਿਲਾਫ਼ ਪੂਰੇ ਯੂਰਪੀਅਨ ਯੂਨੀਅਨ 'ਚ ਜਨਤਕ ਗੁੱਸਾ ਭੜਕ ਉੱਠਿਆ ਹੈ। ਸ਼ਨੀਵਾਰ 17 ਅਕਤੂਬਰ ਨੂੰ ਫਰਾਂਸ ਦੇ ਨਾਲ-ਨਾਲ ਇਟਲੀ, ਬੈਲਜੀਅਮ ਅਤੇ ਪੁਰਤਗਾਲ 'ਚ ਵੀ ਲੱਖਾਂ ਲੋਕਾਂ ਨੇ ਰੈਲੀਆਂ ਕੱਢ ਕੇ ਆਪਣੀਆਂ ਸਰਕਾਰਾਂ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ।ਮਾਹਿਰਾਂ ਅਨੁਸਾਰ ਫਰਾਂਸ ਇਸ ਅੰਦੋਲਨ ਦਾ ਕੇਂਦਰ ਬਣਿਆ ਹੋਇਆ ਹੈ, ਜਿੱਥੋਂ ਇਹ ਵਿਰੋਧ ਪ੍ਰਦਰਸ਼ਨ ਹੁਣ ਗੁਆਂਢੀ ਯੂਰਪੀਅਨ ਦੇਸ਼ਾਂ 'ਚ ਵੀ ਤੇਜ਼ੀ ਨਾਲ ਫੈਲ ਰਿਹਾ ਹੈ। ਇਟਲੀ ਦੇ ਸ਼ਹਿਰ ਮਿਲਾਨ ਦੇ ਮਸ਼ਹੂਰ 'ਪਿਆਜ਼ਾ ਡੂਓਮੋ' ਵਿਖੇ ਮਹਿੰਗਾਈ ਅਤੇ ਚੱਲ ਰਹੀਆਂ ਜੰਗਾਂ ਖ਼ਿਲਾਫ਼ ਸ਼ੁਰੂ ਹੋਇਆ ਸ਼ਾਂਤੀਪੂਰਵਕ ਮਾਰਚ ਅਚਾਨਕ ਹਿੰਸਕ ਹੋ ਗਿਆ। ਇੱਥੇ ਨਕਾਬਪੋਸ਼ ਹਮਲਾਵਰਾਂ ਨੇ ਸਟੋਰਾਂ 'ਚ ਲੁੱਟ ਮਚਾ ਦਿੱਤੀ, ਬਾਰ ਟੇਬਲਾਂ ਨੂੰ ਅੱਗ ਲਗਾਈ ਅਤੇ ਪੁਲਸ 'ਤੇ ਵੀ ਪੱਥਰ ਵਰ੍ਹਾਏ।ਪੁਲਸ ਨੇ ਪ੍ਰਦਰਸ਼ਨਕਾਰੀਆਂ ਨੂੰ ਖਿੰਡਾਉਣ ਲਈ ਵਾਟਰ ਕੈਨਨ ਅਤੇ ਅੱਥਰੂ ਗੈਸ ਦੀ ਵਰਤੋਂ ਕੀਤੀ। ਇਸ ਦੌਰਾਨ ਘੱਟੋ-ਘੱਟ 2 ਪੁਲਸ ਵਾਲੇ ਜ਼ਖਮੀ, ਜਦਕਿ 50 ਤੋਂ ਵੱਧ ਪ੍ਰਦਰਸ਼ਨਕਾਰੀ ਹਿਰਾਸਤ 'ਚ ਲਏ ਗਏ।ਪ੍ਰਧਾਨ ਮੰਤਰੀ ਜੌਰਜੀਆ ਮੇਲੋਨੀ ਨੇ ਪ੍ਰਦਰਸ਼ਨਾਂ ਦੌਰਾਨ ਹੋਈ ਹਿੰਸਾ ਦੀ ਸਖ਼ਤ ਨਿੰਦਾ ਕੀਤੀ ਹੈ। ਇਸ ਤੋਂ ਬਾਅਦ ਬੈਲਜੀਅਮ ਦੀ ਰਾਜਧਾਨੀ ਬ੍ਰੱਸੇਲਜ਼ 'ਚ ਯੂਨੀਵਰਸਿਟੀ ਦੀਆਂ ਵਧੀਆਂ ਫੀਸਾਂ ਅਤੇ ਮਹਿੰਗਾਈ ਖ਼ਿਲਾਫ਼ ਬ੍ਰਸੇਲਜ਼ ਅਤੇ ਲੀਜ ਸ਼ਹਿਰਾਂ 'ਚ ਹਜ਼ਾਰਾਂ ਨੌਜਵਾਨਾਂ ਨੇ ਸੜਕਾਂ 'ਤੇ ਉਤਰ ਕੇ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨਕਾਰੀਆਂ ਵੱਲੋਂ ਕਈ ਥਾਈਂ ਅੱਗ ਲਗਾਈ ਗਈ ਤੇ ਪੁਲਸ ਮੁਲਾਜ਼ਮਾਂ 'ਤੇ ਪੱਥਰਬਾਜ਼ੀ ਕੀਤੀ ਗਈ, ਜਿਸ ਤੋਂ ਬਾਅਦ ਪੁਲਸ ਨੇ ਵਾਟਰ ਕੈਨਨ ਅਤੇ ਅੱਥਰੂ ਗੈਸ ਦਾ ਇਸਤੇਮਾਲ ਕੀਤਾ। ਇਸ ਤੋਂ ਇਲਾਵਾ ਪੁਰਤਗਾਲ ਦੀ ਰਾਜਧਾਨੀ ਲਿਸਬਨ ਵਿੱਚ ਹਜ਼ਾਰਾਂ ਲੋਕਾਂ ਨੇ ਘੱਟ ਤਨਖਾਹਾਂ ਅਤੇ ਵਧਦੇ ਕਿਰਾਇਆਂ ਖ਼ਿਲਾਫ਼ ਵਿਸ਼ਾਲ ਮਾਰਚ ਕੱਢਿਆ। 2017 ਤੋਂ ਬਾਅਦ ਪੁਰਤਗਾਲ 'ਚ ਘਰਾਂ ਦੀਆਂ ਕੀਮਤਾਂ ਦੁੱਗਣੇ ਤੋਂ ਵੀ ਵੱਧ ਹੋ ਚੁੱਕੀਆਂ ਹਨ। ਪ੍ਰਦਰਸ਼ਨਕਾਰੀਆਂ ਨੇ ਸੜਕਾਂ 'ਤੇ ਟੈਂਟ ਲਗਾ ਕੇ ਰੋਸ ਜਤਾਇਆ। ਹਾਲਾਂਕਿ ਪੁਰਤਗਾਲੀ ਸਰਕਾਰ ਨੇ ਪ੍ਰਦਰਸ਼ਨਕਾਰੀਆਂ ਦੀਆਂ ਮੰਗਾਂ ਅੱਗੇ ਨਾ ਝੁਕਣ ਦਾ ਐਲਾਨ ਕੀਤਾ ਹੈ, ਜਿਸ ਤੋਂ ਬਾਅਦ ਲੋਕਾਂ ਦਾ ਗੁੱਸਾ ਹੋਰ ਵਧ ਗਿਆ ਹੈ। ਮਾਹਿਰਾਂ ਅਨੁਸਾਰ, ਅਗਲੇ 12 ਮਹੀਨਿਆਂ ਦੌਰਾਨ ਫਰਾਂਸ, ਇਟਲੀ, ਸਪੇਨ ਅਤੇ ਪੋਲੈਂਡ 'ਚ ਚੋਣਾਂ ਹੋਣ ਜਾ ਰਹੀਆਂ ਹਨ। ਇਹ ਜਨਤਕ ਰੋਸ ਯੂਰਪ ਦੀ ਆਗਾਮੀ ਰਾਜਨੀਤੀ ਨੂੰ ਪੂਰੀ ਤਰ੍ਹਾਂ ਪ੍ਰਭਾਵਿਤ ਕਰੇਗਾ। ਜਰਮਨੀ, ਗ੍ਰੀਸ ਅਤੇ ਆਸਟ੍ਰੀਆ 'ਚ ਵੀ ਅਜਿਹੇ ਪ੍ਰਦਰਸ਼ਨਾਂ ਦੀ ਸ਼ੁਰੂਆਤ ਦੇ ਸੰਕੇਤ ਮਿਲ ਰਹੇ ਹਨ, ਜਿਸ ਕਾਰਨ ਯੂਰਪ 'ਚ ਹਾਲਾਤ ਹੋਰ ਖ਼ਰਾਬ ਹੋਣ ਦਾ ਖ਼ਦਸ਼ਾ ਜਤਾਇਆ ਜਾ ਰਿਹਾ ਹੈ।



## ਸਿੱਧੂ ਮੂਸੇਵਾਲਾ ਦੇ ਭਰਾ ਦੇ Gun Gesture ਦੇ ਇਸ਼ਾਰਿਆਂ ਨੇ ਖੜਾ ਕੀਤਾ ਵਿਵਾਦ; ਮਾਪਿਆਂ ਵਿਰੁੱਧ ਸ਼ਿਕਾਇਤ

**ਚੰਡੀਗੜ੍ਹ/ਮਾਨਸਾ, 18 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਇੱਕ ਬਾਲ ਅਧਿਕਾਰ ਸੰਗਠਨ ਨੇ ਮਾਨਸਾ ਜ਼ਿਲ੍ਹਾ ਪ੍ਰਸ਼ਾਸਨ ਕੋਲ ਸ਼ਿਕਾਇਤ ਦਰਜ ਕਰਵਾਈ ਹੈ, ਜਿਸ ਵਿੱਚ 2.5 ਸਾਲਾ ਸੁਖਦੀਪ ਸਿੰਘ ਸਿੱਧੂ, ਜਿਸਨੂੰ ਛੋਟਾ ਸਿੱਧੂ ਵਜੋਂ ਜਾਣਿਆ ਜਾਂਦਾ ਹੈ ਅਤੇ ਗਾਇਕ ਸਿੱਧੂ ਮੂਸੇਵਾਲਾ ਦੇ ਛੋਟੇ ਭਰਾ ਦੀ ਸੁਰੱਖਿਆ ਲਈ ਕਦਮ ਚੁੱਕਣ ਦੀ ਮੰਗ ਕੀਤੀ ਗਈ ਹੈ।ਇਹ ਸ਼ਿਕਾਇਤ ਇਸ ਮਹੀਨੇ ਦੇ ਸ਼ੁਰੂ ਵਿੱਚ ਟੋਰਾਂਟੋ ਵਿੱਚ ਇੱਕ ਸੰਗੀਤ ਸਮਾਰੋਹ ਦੌਰਾਨ ਸਟੇਜ 'ਤੇ ਬੱਚੇ ਦੇ ਆਉਣ ਤੋਂ ਬਾਅਦ ਹੋਈ ਹੈ, ਜਿੱਥੇ ਉਸਨੂੰ ਬੰਦੂਕ ਦੇ ਇਸ਼ਾਰੇ ਕਰਦੇ ਦੇਖਿਆ ਗਿਆ ਸੀ। ਲਾਇਅਰਜ਼ ਫਾਰ ਹਿਊਮਨ ਰਾਈਟਸ ਇੰਟਰਨੈਸ਼ਨਲ ਨੇ 17 ਅਕਤੂਬਰ ਨੂੰ ਜ਼ਿਲ੍ਹਾ ਮੈਜਿਸਟ੍ਰੇਟ ਅਤੇ ਮਾਨਸਾ, ਪੰਜਾਬ ਵਿੱਚ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਨੂੰ ਸ਼ਿਕਾਇਤ ਸੌਂਪੀ। ਸੰਗਠਨ ਦੇ ਜਨਰਲ ਸਕੱਤਰ ਨਵਕਿਰਨ ਸਿੰਘ ਦੇ ਦਸਤਖਤ ਹੇਠ ਸ਼ਿਕਾਇਤ ਵਿੱਚ ਜਾਂਚ ਅਤੇ ਕਦਮ ਚੁੱਕਣ ਦੀ ਮੰਗ ਕੀਤੀ ਗਈ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਬੱਚੇ ਨੂੰ ਜਨਤਕ ਪੇਸ਼ਕਾਰੀਆਂ ਦੌਰਾਨ ਹਥਿਆਰਾਂ ਦੇ ਇਸ਼ਾਰਿਆਂ ਦੀ ਨਕਲ ਕਰਨ ਲਈ ਉਤਸ਼ਾਹਿਤ ਨਾ ਕੀਤਾ ਜਾਵੇ। ਦੱਸ ਦਈਏ ਕਿ ਸਿੱਧੂ ਮੂਸੇਵਾਲਾ ਦੇ ਦੋ ਸਾਲ ਦੇ ਛੋਟੇ ਭਰਾ ਸ਼ੁਭਦੀਪ ਸਿੰਘ ਸਿੱਧੂ ਦਾ ਇੱਕ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਿਹਾ ਹੈ। ਕੈਨੇਡਾ ਦੇ ਟੋਰਾਂਟੋ ਵਿੱਚ ਮਰਹੂਮ ਗਾਇਕ ਦੇ ਪਹਿਲੇ ਹੋਲੋਗ੍ਰਾਮ ਸ਼ੋਅ ਦੌਰਾਨ, ਛੋਟੇ ਸ਼ੁਭਦੀਪ ਨੇ ਸਟੇਜ 'ਤੇ ਮੂਸੇਵਾਲਾ ਦੇ ਮਸ਼ਹੂਰ "ਥਾਪੀ" ਅੰਦਾਜ ਨੂੰ ਦੁਹਰਾਇਆ। ਇਸ ਅੰਦਾਜ਼ ਨੇ ਹੁਣ, ਸਿੱਧੂ ਮੂਸੇਵਾਲਾ ਦੇ ਮਾਪਿਆਂ ਨੂੰ ਨਵੇਂ ਵਿਵਾਦ 'ਚ ਪਾ ਦਿੱਤਾ ਹੈ, ਕਿਉਂਕਿ ਉਨ੍ਹਾਂ ਨੇ ਛੋਟੇ ਬੱਚੇ ਨੂੰ ਸਟੇਜ 'ਤੇ ਬੰਦੂਕ ਵਰਗੇ ਇਸ਼ਾਰੇ ਕਰਦੇ ਦਿਖਾਇਆ ਗਿਆ ਸੀ। ਇਸ ਦੌਰਾਨ ਸ਼ੁਭਦੀਪ ਸਿੰਘ ਸਿੱਧੂ ਦੇ ਪ੍ਰਦਰਸ਼ਨ ਨੂੰ ਦਰਸ਼ਕਾਂ ਵੱਲੋਂ ਜ਼ੋਰਦਾਰ ਤਾੜੀਆਂ ਮਿਲੀਆਂ, ਅਤੇ ਵੀਡੀਓ ਕਲਿੱਪ ਇੱਕ ਦਿਨ ਦੇ ਅੰਦਰ-ਅੰਦਰ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈ। LFHRI ਨੇ ਕਿਹਾ ਕਿ ਬਾਅਦ ਵਿੱਚ ਇੱਕ ਵੀਡੀਓ ਵਿੱਚ ਬੱਚੇ ਦੇ ਆਲੇ-ਦੁਆਲੇ ਬਾਲਗਾਂ ਨੂੰ ਪਿਸਤੌਲ ਵਰਗਾ ਇਸ਼ਾਰਾ ਕਰਨ ਲਈ ਉਤਸ਼ਾਹਿਤ ਕਰਦੇ ਹੋਏ ਵੀ ਦਿਖਾਇਆ ਗਿਆ ਹੈ।ਸੰਗਠਨ ਦਾ ਤਰਕ ਹੈ ਕਿ ਇਸ ਉਮਰ ਦੇ ਬੱਚੇ ਨੂੰ ਜਾਣਬੁੱਝ ਕੇ ਅਜਿਹੇ ਇਸ਼ਾਰਿਆਂ ਵਿੱਚ ਸ਼ਾਮਲ ਹੋਣ ਲਈ ਉਤਸ਼ਾਹਿਤ ਕਰਨ ਨਾਲ ਉਸਦੀ ਮਾਨਸਿਕ ਸਿਹਤ 'ਤੇ ਨੁਕਸਾਨਦੇਹ ਪ੍ਰਭਾਵ ਪੈ ਸਕਦਾ ਹੈ, ਖਾਸ ਕਰਕੇ ਕਿਉਂਕਿ ਉਸਦਾ ਵੱਡਾ ਭਰਾ, ਸਿੱਧੂ ਮੂਸੇਵਾਲਾ, ਮਈ 2022 ਵਿੱਚ ਇੱਕ ਗੈਂਗ ਵਿਵਾਦ ਨਾਲ ਸਬੰਧਤ ਇੱਕ ਨਿਸ਼ਾਨਾ ਬਣਾ ਕੇ ਕੀਤੀ ਗਈ ਗੋਲੀਬਾਰੀ ਵਿੱਚ ਮਾਰਿਆ ਗਿਆ ਸੀ।



ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ ।

**ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ ।**



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net


## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

## ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


DHAN DHAN SRI GURU NANAK DEV JI
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 1ST NOVEMBER 2026
GURDWARA GURU HAR RAI SAHIB JI
George Street, West Bromwich
START 9:00AM
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ
ਜਰੋਜ ਸਟਰੀਟ, ਵੈਸਟ ਬ੍ਰਮਮਿਚ
ਅਰੰਭਤਾ: ੯:੦੦ ਵਜੇ
GURU NANAK GURDWARA
Edward Street, West Bromwich
11:00AM
ਗੁਰੂ ਨਾਨਕ ਗੁਰਦੁਆਰਾ
ਐਡਵਰਡ ਸਟਰੀਟ, ਵੈਸਟ ਬ੍ਰਮਮਿਚ
੧੧:੦੦ ਵਜੇ
GURDWARA AMRIT PARCHAR DHARMIK DIWAN
Birmingham Road, Oldbury
1:00PM
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ
ਬ੍ਰਮਿੰਘਮ ਰੋਡ, ਓਲਡਬਰੀ
੧:੦੦ ਵਜੇ
GURDWARA GURU MANEYO GRANTH
Popes Lane, Oldbury
2:00PM
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ
ਪੋਪਸ ਲੇਨ, ਓਲਡਬਰੀ
੨:੦੦ ਵਜੇ
GURDWARA BABA SANG
St. Paul's Road, Smethwick
3:15PM
ਗੁਰਦੁਆਰਾ ਬਾਬਾ ਸੰਗ ਜੀ
ਸਟ, ਪੋਲਜ ਰੋਡ, ਸਮੇਦਿਕ
੩:੧੫ ਵਜੇ
GURU NANAK GURDWARA SMETHWICK
High Street, Smethwick
4:00PM
ਗੁਰੂ ਨਾਨਕ ਗੁਰਦੁਆਰਾ
ਸਮੇਦਿਕ
੪:੦੦ ਵਜੇ
GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527
ਆਵਾਜ਼ਿ ਕੌਮ AWAZE QAUM
International Newspaper & WEB TV


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM
International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar



ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਪੁਰਬ
ਨੂੰ ਸਮਰਪਿਤ ਸਮਾਗਮ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ
ਮਿਤੀ:-
25, ਅਤੇ 26 ਅਕਤੂਬਰ
ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ
ਦੀਵਾਨ
27 ਅਕਤੂਬਰ ਨੂੰ
ਸਵੇਰੇ 9 ਵਜੇ ਤੋਂ ਸਵੇਰੇ 11:30 ਵਜੇ ਤੱਕ
ਸਮਾਗਮ
ਬਾਬਾ ਸੁਖਵਿੰਦਰ ਸਿੰਘ ਜੀ (ਘੱਗੇ ਵਾਲੇ)
ਗਿਆਨੀ ਰਵਿੰਦਰ ਸਿੰਘ (ਦਮਦਮੀ ਟਕਸਾਲ)
ਗਿਆਨੀ ਜਗਜੀਤ ਸਿੰਘ ਜੀ (ਹੈੱਡ ਗ੍ਰੰਥੀ ਗੁ: ਨਾਢਾ ਸਾਹਿਬ)
ਗਿਆਨੀ ਜਸਵੀਰ ਸਿੰਘ ਜੀ (ਖਤਰ)
ਬਾਬਾ ਬਲਜੀਤ ਸਿੰਘ ਜੀ (ਵੱਕਰ)
ਬਾਬਾ ਦਰਸ਼ਨ ਸਿੰਘ ਜੀ
ਗਿਆਨੀ ਦਇਆ ਸਿੰਘ ਜੀ
ਭਾਈ ਗੁਰਸੇਵਕ ਸਿੰਘ ਰੰਗੀਲਾ ਜੀ (ਹਜ਼ੂਰੀ ਜੱਥਾ ਗੁ: ਦਾਦੂ ਸਾਹਿਬ)
ਬਾਬਾ ਦਲਜੀਤ ਸਿੰਘ ਜੀ (ਬਰਾਸ ਵਾਲੇ)
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਆਪ ਜੀ ਨੇ ਇਹਨਾਂ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।
ਮੋ. 90411-47540, 90413-28422, 91150-66349
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਸਾਧਸੰਗਤ, ਘੱਗਾ




7ਵਾਂ ਸਾਲਾਨਾ ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾ: ਸ਼ਾਮ 6 ਤੋਂ 10 ਵਜੇ ਤੱਕ
ਦਸਤਾਰ ਬੰਦੀ ਮੁਕਾਬਲੇ
ਲੰਬੇ ਕੇਸ ਮੁਕਾਬਲੇ
ਅੰਮ੍ਰਿਤ ਸੰਚਾਰ
25 ਅਕਤੂਬਰ, ਸ਼ਾਮ 5 ਵਜੇ
ਸੰਗਤਾਂ ਲਈ ਬੱਸਾਂ ਦੀ ਸੇਵਾ ਮੁਫ਼ਤ ਲਗਾਈ ਜਾਵੇਗੀ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਖੂਨਦਾਨ ਕੈਂਪ
23 ਅਕਤੂਬਰ, ਸਵੇਰੇ 10 ਵਜੇ
ਮੈਡੀਕਲ ਕੈਂਪ
5 ਦਿਨ
DARVESH TV
LIVE ON
ਸੰਪਰਕ :-
62845-76824
94642-46744
SCAN FOR LOCATION
ਬਾਬਾ ਇਸ਼ਰ ਸਿੰਘ ਜੀ
ਸੰਗਤਪੁਰੇ ਵਾਲੇ
ਵਿਸ਼ੇਸ਼ ਹਾਜ਼ਰੀ
ਸੰਤ ਬਾਬਾ ਗੁਲਾਬ ਸਿੰਘ ਜੀ
ਸ੍ਰੀ ਚਮਕੌਰ ਸਾਹਿਬ ਵਾਲੇ
ਬੇਨਤੀ ਕਰਤਾ :- ਬਾਬਾ ਇਸ਼ਰ ਸਿੰਘ ਜੀ ਸੰਗਤਪੁਰੇ ਵਾਲੇ ਅਤੇ ਸਮੂਹ ਇਲਾਕਾ ਨਿਵਾਸੀ ਪਿੰਡ ਸੰਗਤਪੁਰਾ





## ਵਿਸ਼ਵ ਭੋਜਨ ਦਿਵਸ ਮੌਕੇ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# ਸੈਮੀਨਾਰ ਅਤੇ ਪੋਸਟਰ ਪ੍ਰਦਰਸ਼ਨੀ ਦਾ ਆਯੋਜਨ

### ਆਯੋਜਕਾਂ ਵੱਲੋਂ ਜੇਤੂਆਂ ਨੂੰ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਗਿਆ

ਤਲਵੰਡੀ ਸਾਬੋ, 18 ਅਕਤੂਬਰ (ਗੁਰਜੰਟ ਸਿੰਘ ਨਥੇਹਾ)– ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਐਗਰੀਕਲਚਰ ਵੱਲੋਂ ਵਿਸ਼ਵ ਭੋਜਨ ਦਿਵਸ ਮੌਕੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਇਸ ਨਾਲ ਸੰਬੰਧਿਤ ਪੋਸਟਰ ਮੁਕਾਬਲੇ ਕਰਵਾਏ ਗਏ ਤੇ ਉਹਨਾਂ ਦੀ ਨੁਮਾਇਸ਼ ਲਗਾਈ ਗਈ। ਸੈਮੀਨਾਰ ਵਿੱਚ ਡਾ. ਬਲਰਾਜ ਸਿੰਘ ਵਾਈਸ ਚਾਂਸਲਰ ਨੇ ਮੁੱਖ ਬੁਲਾਰੇ ਵਜੋਂ

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਿਰਕਤ ਕੀਤੀ, ਜਦ ਕਿ ਡਾ. ਜਗਤਾਰ ਸਿੰਘ ਧੀਮਾਨ ਪਰੋ. ਵਾਈਸ ਚਾਂਸਲਰ ਨੇ ਆਪਣੇ ਸੁਆਗਤੀ ਭਾਸ਼ਣ ਵਿੱਚ ਭੋਜਨ ਦੀ ਮਹਤੱਤਾ, ਇਤਿਹਾਸ, ਬਦਲਾਵ ਅਤੇ ਇਸ ਨਾਲ ਜੁੜੇ ਇਤਿਹਾਸਿਕ ਤੱਥਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਮੁੱਖ ਵਕੱਤਾ ਡਾ. ਸਿੰਘ ਨੇ ਵਿਦਿਆਰਥੀਆਂ ਨੂੰ ਖ਼ੁਰਾਕ ਉਤਪਾਦਨ ਦੇ ਖੇਤਰ ਵਿੱਚ ਭਾਰਤ ਵੱਲੋਂ ਕੀਤੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਇਆ। ਉਹਨਾਂ ਲੋਕਾਂ ਵੱਲੋਂ ਕੀਤੀ ਜਾਂਦੀ ਭੋਜਨ ਦੀ ਬਰਬਾਦੀ ਨੂੰ ਰੋਕਣ ਲਈ ਜਾਗਰੂਕ ਰਹਿਣ ਦੀ ਗੱਲ ਆਖੀ। ਉਹਨਾਂ ਕਿਹਾ ਕਿ ਜੇਕਰ ਆਧੁਨਿਕ ਤਕਨੀਕਾਂ ਨਾਲ ਖੇਤੀ ਉਤਪਾਦਾਂ ਦੀ ਸਾਂਭ-ਸੰਭਾਲ ਕੀਤੀ ਜਾਵੇ ਤਾਂ ਭਾਰਤ ਭੋਜਨ ਸੁਰੱਖਿਆ ਵਿੱਚ ਦੁਨੀਆਂ ਦੇ ਮੋਹਰੀ ਦੇਸ਼ਾਂ ਵਿੱਚ ਸ਼ਾਮਿਲ ਹੋ ਸਕਦਾ ਹੈ। ਉਹਨਾਂ ਸਨਅਤਕਾਰਾਂ ਅਤੇ ਸਰਕਾਰਾਂ ਨੂੰ ਜਲਦੀ ਖ਼ਰਾਬ ਹੋ ਜਾਣ ਵਾਲੀਆਂ ਸਬਜ਼ੀਆਂ ਅਤੇ ਫ਼ਲਾਂ ਦੀ ਸਾਂਭ-ਸੰਭਾਲ ਵਾਸਤੇ ਕੋਲਡ-ਚੇਨ ਬਣਾਉਣ ਅਤੇ ਭੋਜਨ







ਦੀ ਬਰਬਾਦੀ ਨੂੰ ਰੋਕਣ ਲਈ ਜੰਗੀ ਪੱਧਰ ਤੇ ਉਪਰਾਲੇ ਕਰਨ ਬਾਰੇ ਵਿਚਾਰ ਰੱਖੇ। ਪਰੋਂ. ਵਾਈਸ ਚਾਂਸਲਰ ਡਾ. ਧੀਮਾਨ ਨੇ ਦੱਸਿਆ ਕਿ ਭਾਰਤ ਆਜ਼ਾਦੀ ਸਮੇਂ ਆਪਣੇ ਲਈ ਵਿਦੇਸ਼ਾਂ ਤੋਂ ਅਨਾਜ ਦਾ ਆਯਾਤ ਕਰਦਾ ਸੀ, ਪਰ ਹੁਣ ਭਾਰਤੀ ਖੇਤੀ ਵਿਗਿਆਨੀਆਂ ਦੇ ਯਤਨਾਂ, ਕਿਸਾਨਾਂ ਦੀ ਮਿਹਨਤ ਅਤੇ ਸਰਕਾਰਾਂ ਦੀਆਂ ਕਿਸਾਨ ਹਿਤੈਸ਼ੀ ਨੀਤੀਆਂ ਸਦਕਾ ਭਾਰਤ ਕਰੋੜਾਂ ਲੋਕਾਂ ਨੂੰ ਭੋਜਨ ਉਪਲੱਬਧ ਕਰਵਾਉਣ ਤੋਂ ਬਾਦ ਵੀ ਅਨਾਜ ਦਾ ਨਿਰਯਾਤ ਕਰਦਾ ਹੈ। ਉਹਨਾਂ ਹਰੀ-ਕ੍ਰਾਂਤੀ ਦਹਾਕੇ ਵਿੱਚ ਖੇਤੀ ਦੇ ਖੇਤਰ ਵਿੱਚ ਭਾਰਤੀ ਕਿਸਾਨਾਂ ਵੱਲੋਂ ਕੀਤੀ ਤਰੱਕੀ ਬਾਰੇ ਜਾਣਕਾਰੀ ਸਾਂਝੀ ਕੀਤੀ।ਉਹਨਾਂ ਵਿਸ਼ੇਸ਼ ਤੌਰ ਤੇ ਪੰਜਾਬ ਵੱਲੋਂ ਭਾਰਤੀ ਭੋਜਨ ਭੰਡਾਰ ਵਿੱਚ ਪਾਏ ਜਾਂਦੇ ਯੋਗਦਾਨ ਬਾਰੇ ਆਕੰੜਿਆਂ ਸਹਿਤ ਦੱਸਿਆ। ਡਾ. ਧੀਮਾਨ ਨੇ ਭੋਜਨ ਸੁਰੱਖਿਆ, ਪੋਸ਼ਿਟਕਤਾ, ਜਨ ਸਿਹਤ, ਅਤੇ ਵਾਤਾਵਰਣ ਸੁਰੱਖਿਆ ਬਾਰੇ ਵੀ ਵਿਚਾਰ ਸਾਂਝੇ ਕੀਤੇ। ਉਹਨਾਂ ਉੱਘੇ ਖੇਤੀ ਵਿਗਿਆਨੀ ਡਾ. ਸਵਾਮੀ ਨਾਥਨ ਦੇ ਬੋਲ "ਕੁਝ ਵੀ ਠੀਕ ਨਹੀਂ ਹੋਵੇਗਾ, ਜੇਕਰ ਖੇਤੀ ਗਲਤ ਹੋ ਗਈ" ਦਾ ਜ਼ਿਕਰ ਕਰਦਿਆਂ ਸਭਨਾਂ ਨੂੰ ਭੋਜਨ ਦੀ ਬਰਬਾਦੀ, ਇਸ ਦੀ ਸਾਂਭ-ਸੰਭਾਲ ਲਈ ਜਾਗਰੂਕ ਰਹਿਣ ਦਾ ਪ੍ਰਣ ਕਰਨ ਵਾਸਤੇ ਪ੍ਰੇਰਿਤ ਕੀਤਾ। ਡਾ. ਕੰਵਲਜੀਤ ਕੌਰ ਨਿਰਦੇਸ਼ਕ ਯੁਵਾ ਮਾਮਲੇ ਅਤੇ ਸੱਭਿਆਚਾਰ ਅਤੇ ਡਾ. ਧੀਮਾਨ ਨੇ ਵਿਦਿਆਰਥੀਆਂ ਵੱਲੋਂ ਭੋਜਨ ਸੁਰੱਖਿਆ ਨਾਲ ਸੰਬੰਧਿਤ ਬਣਾਏ ਪੋਸਟਰਾਂ ਲਈ ਜੱਜ ਦੀ ਭੂਮਿਕਾ ਅਦਾ ਕੀਤੀ। ਜਦ ਕਿ ਡਾ. ਬਹਾਦਰਜੀਤ ਸਿੰਘ ਨੇ ਧੰਨਵਾਦੀ ਸ਼ਬਦ ਕਹੇ।ਆਯੋਜਕਾਂ ਵੱਲੋਂ ਜੇਤੂਆਂ ਨੂੰ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਗਿਆ।

ਯਾਦਗਾਰੀ ਹੋ ਨਿਬੜਿਆ ਗੁਰਦੁਆਰਾ ਹਰਗੋਬਿੰਦਸਰ ਸਾਹਿਬ

# ਪਿੰਡ ਲੰਗੇਆਣਾ ਪੁਰਾਣਾ ਮੋਗਾ ਵਿਖੇ ਸਲਾਨਾ ਗੁਰਮਤਿ ਸਮਾਗਮ









**ਫ਼ਿਰੋਜ਼ਪੁਰ, 18 ਅਕਤੂਬਰ (ਮਨੋਹਰ ਲਾਲ)** :—ਯਾਦਗਾਰੀ ਹੋ ਨਿਬੜਿਆ ਗੁਰਦੁਆਰਾ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਪੁਰਾਣਾ ਮੋਗਾ ਵਿਖੇ ਸਲਾਨਾ ਗੁਰਮਤਿ ਸਮਾਗਮ ਭਾਰੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ। ਇਹ ਸਲਾਨਾ ਗੁਰਮਤਿ ਸਮਾਗਮ ਜੋ ਕਿ 11 ਅਕਤੂਬਰ ਤੋਂ ਲੈ ਕੇ 18 ਅਕਤੂਬਰ ਤੱਕ ਚਲਿਆ। ਇਹ ਸਲਾਨਾ ਗੁਰਮਤਿ ਸਮਾਗਮ ਪਹਿਲੇ ਪਾਤਸ਼ਾਹ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪਾਵਨ ਜੋਤੀ ਜੋਤ ਗੁਰਪੁਰਬ ਨੂੰ ਸਮਰਪਿਤ ਮਨਾਇਆ ਅਤੇ ਇਸ ਤੋਂ ਇਲਾਵਾ ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਪ੍ਰਤਾਪ ਸਿੰਘ, ਗੁਰਮੁੱਖ ਪਿਆਰੇ ਭਾਈ ਵੀਰ ਸਿੰਘ ਦੀ ਮਿੱਠੀ ਯਾਦ ਵਿਚ ਹਰ ਸਾਲ ਸਲਾਨਾ ਗੁਰਮਤਿ ਸਮਾਗਮ ਪਿੰਡ ਲੰਗੇਆਣਾ ਪੁਰਾਣਾ ਮੋਗਾ ਵਿਖੇ ਕਰਵਾਇਆ ਜਾਂਦਾ ਹੈ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸਿੱਖ ਪੰਥ ਦੇ ਮਹਾਨ ਮਹਾਂਪੁਰਖ ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ, ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਰੋਡੇ ਸਾਬਵਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਭਾਈ ਕੁਲਬੀਰ ਸਿੰਘ ਦਮਦਮੀ ਟਕਸਾਲ, ਢਾਡੀ ਜਥਾ ਬੀਬੀ ਦਲੇਰ ਕੌਰ ਖਾਲਸਾ ਨੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ, ਜਿਸ ਵਿਚ ਭਾਰੀ ਗਿਣਤੀ ਵਿਚ ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਭਾਵੇਂ ਕਿ ਇਹ ਸਲਾਨਾ ਗੁਰਮਤਿ ਸਮਾਗਮ ਜੋ ਕਿ 11 ਅਕਤੂਬਰ ਤੋਂ 17 ਅਕਤੂਬਰ ਨੂੰ ਰਾਤਰੀ ਦੇ ਦੀਵਾਨ ਸਜਾਏ ਗਏ ਸਨ, ਜਿਨ੍ਹਾਂ ਵਿਚ ਭਾਰੀ ਗਿਣਤੀ ਹਰ ਰੋਜ ਸਿੱਖ ਪੰਥ ਦੇ ਮਹਾਨ ਰਾਗੀ, ਕਥਾਵਾਚਕ ਸਿੰਘ ਸਾਹਿਬ ਨੇ ਹਾਜ਼ਰੀ ਭਰੀ। ਇਸ ਤਰ੍ਹਾਂ 16 ਅਕਤੂਬਰ ਨੂੰ ਗਿਆਨੀ ਗੁਰਮਿੰਦਰ ਸਿੰਘ ਨੇ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸੇ ਤਰ੍ਹਾਂ 17 ਅਕਤੂਬਰ ਨੂੰ ਗਿਆਨੀ ਬਲਬੀਰ ਸਿੰਘ ਨੇ ਅਖਿਰ ਵਿਚ ਕਥਾ ਦਾ ਭੋਗ ਪਾਇਆ। ਇਸ ਮੌਕੇ ਤੇ ਗੁਰਦੁਆਰਾ ਹਰਗੋਬਿੰਦਸਰ ਸਾਹਿਬ ਜੀ ਦੇ ਮੁੱਖ ਸੇਵਾਦਾਰ ਸ੍ਰੀਮਾਨ ਬਾਬਾ ਸਾਧੂ ਸਿੰਘ ਜੀ ਨੇ ਸਮੂਹ 11 ਅਕਤੂਬਰ ਤੋਂ 18 ਅਕਤੂਬਰ ਤੱਕ ਮਹਾਂਪੁਰਖ ਸਿੰਘ ਸਾਹਿਬ ਜੀ ਨੇ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਕਿਹਾ ਕਿ ਆਪਣੇ ਵੱਲੋਂ ਦਿੱਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕਰਦਾ ਹਾਂ। ਇਸ ਮੌਕੇ ਤੇ ਸਮੂਹ ਆਏ ਹੋਏ ਮਹਾਂਪੁਰਖਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਬਾਬਾ ਗੁਰਦਿਆਲ ਸਿੰਘ, ਗਿਆਨੀ ਬਲਵਿੰਦਰ ਸਿੰਘ ਰੋਡੇ, ਗਿਆਨੀ ਅਵਤਾਰ ਸਿੰਘ ਕਾਤਰੋ, ਰਾਗੀ ਦਲਬੀਰ ਸਿੰਘ ਗੁਰੂ ਕੀ ਕਾਂਸੀ ਨੇ ਵੀ ਪੂਰਾ ਸਹਿਯੋਗ ਦਿੱਤਾ। ਇਸ ਤੋਂ ਇਲਾਵਾ ਐਨ.ਆਰ.ਆਈ ਵੀਰਾਂ ਦਾ ਵੀ ਬਹੁਤ ਧੰਨਵਾਦ ਕਰਦਾ ਹਾਂ, ਜਿਹੜੇ ਕਿ ਹਰ ਸਾਲ ਸਹਿਯੋਗ ਦਿੰਦੇ ਹਨ, ਉਨ੍ਹਾਂ ਦਾ ਵੀ ਮੈਂ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕਰਦਾ ਹਾਂ। ਇਸ ਮੌਕੇ ਤੇ ਸਟੇਜ ਦੀ ਸੇਵਾ 8 ਦਿਨ ਗਿਆਨੀ ਬਲਵਿੰਦਰ ਸਿੰਘ ਰੋਡੇ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ 8 ਦਿਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਰੀ ਗਿਣਤੀ ਵਿਚ ਸੰਗਤਾਂ ਨੇ ਭਰੀ ਹਾਜ਼ਰੀ

# ਵੱਡੀ ਗਿਣਤੀ ਸਕੂਲੀ ਬੱਚਿਆਂ ਨੇ ਪ੍ਰਾਪਤ ਕੀਤੀ ਅੰਮ੍ਰਿਤ ਦੀ ਦਾਤ

**ਫ਼ਿਰੋਜ਼ਪੁਰ, 18 ਅਕਤੂਬਰ (ਮਨੋਹਰ ਲਾਲ)** :— ਇਲਾਕੇ ਵਿਚ ਧਾਰਮਿਕ ਸਮਾਗਮ ਕਰਵਾ ਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜ ਅਤੇ ਨੌਜਵਾਨੀ ਨੂੰ ਸਿੱਖੀ ਸਰੂਪ ਵਿਚ ਬਰਕਰਾਰ ਰੱਖਣ ਦੇ ਮਨੋਰਥ ਨਾਲ ਸ੍ਰੀ ਸਹਿਜ ਪਾਠ ਸੇਵਾ ਅਤੇ ਗੁਰਮਤਿ ਪ੍ਰਚਾਰ ਜਥਾ ਮੱਲਾਂਵਾਲਾ ਵੱਲੋਂ ਧਾਰਮਿਕ ਸਮਾਗਮ ਕਰਵਾ ਕੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਗੁਰਦੁਆਰਾ ਸ਼ਹੀਦ ਸਰਦਾਰ ਸ਼ਾਮ ਸਿੰਘ ਅਟਾਰੀ ਵਿਖੇ ਵੱਖ—ਵੱਖ ਸਕੂਲਾਂ ਦੇ ਵੱਡੀ ਗਿਣਤੀ ਨੌਜਵਾਨ ਬੱਚੇ—ਬੱਚੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ, ਜਿਨ੍ਹਾਂ ਨੂੰ ਗੁਰੂ ਘਰ ਦੇ ਸੇਵਕਾਂ ਵੱਲੋਂ ਸਨਮਾਨਿਤ ਕਰਦਿਆਂ ਬਾਣੀ ਤੇ ਬਾਣੇ ਦੇ ਧਾਰਨੀ ਰਹਿਣ ਦੀ ਅਪੀਲ ਕੀਤੀ।



ਆਵਾਜ਼ਿ ਕੌਮ AWAZE QAUM International Newspaper & WEB TV

# ਨਸ਼ਿਆਂ ਦੇ ਮੁੱਦੇ ਤੇ ਜਵਾਬਦੇਹੀ ਤੋਂ ਬਚਣ ਲਈ ਤਤਕਾਲੀ ਤੇ ਮੌਜੂਦਾ ਸਰਕਾਰਾਂ ਸਿਰ.ਫ ਅੰਕੜਿਆਂ ਦੀ ਹੀ ਖੇਡ ਖੇਡਦੀਆਂ—ਅਧਿਕਾਰ ਸੰਘਰਸ਼ ਪਾਰਟੀ



**ਫ਼ਿਰੋਜ਼ਪੁਰ, 18 ਅਕਤੂਬਰ (ਮਨੋਹਰ ਲਾਲ)** :—ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਨਸ਼ਿਆਂ ਦੀ ਅਲਾਮਤ ਪੰਜਾਬ ਵਿੱਚ ਨਿਰੰਤਰ ਵਿਕਰਾਲ ਰੂਪ ਧਾਰਨ ਕਰਦੀ ਜਾ ਰਹੀ ਹੈ। ਨਸ਼ਿਆਂ ਦੇ ਇਸਤੇਮਾਲ ਕਰਨ ਨਾਲ ਨੌਜਵਾਨਾਂ ਦੀਆਂ ਰੋਜ਼ਾਨਾ ਇਕ ਦੋ ਮੌਤਾਂ ਹੋ ਰਹੀਆਂ ਹਨ, ਨਸ਼ਿਆਂ ਦੀ ਇਸ ਭਿਅੰਕਰ ਬਿਮਾਰੀ ਕਾਰਨ ਪੂਰਾ ਪੰਜਾਬ ਧੁਆਂਖਿਆ ਪਿਆ ਹੈ। ਪੰਜਾਬ ਪ੍ਰਧਾਨ ਨੇ ਕਿਹਾ ਕਿ ਨਸ਼ਿਆਂ ਨੇ ਇਹ ਵਿਕਰਾਲ ਰੂਪ ਅੱਜ ਹੀ ਨਹੀਂ ਧਾਰਿਆ ਅਤੇ ਨਸ਼ਿਆਂ ਦੀ ਬੀਮਾਰੀ ਨਾਲ ਨਜਿੱਠਣ ਦੀ ਬਜਾਏ ਸਭ ਸਿਆਸੀ ਪਾਰਟੀਆਂ ਇਕ ਦੂਜੇ ਤੋਂ ਅੱਗੇ ਹੋ ਕੇ ਇਸ ਬੀਮਾਰੀ ਬਾਰੇ ਬਿਆਨ ਦਾਗ ਰਹੀਆਂ ਹਨ। ਉਨ੍ਹਾਂ ਕਿਹਾ ਕਿ 2007 ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਤੇ ਬੀਜੇਪੀ ਗਠਜੋੜ ਦੀ ਸਰਕਾਰ ਹੋਂਦ ਵਿੱਚ ਆਉਣ ਤੇ ਡਰੱਗ ਨਸ਼ੇ ਨੇ ਪੈਰ ਪਸਾਰਨੇ ਸ਼ੁਰੂ ਕੀਤੇ ਅਤੇ ਨਿਰੰਤਰ ਫੈਲਦਾ ਗਿਆ। ਪੰਜਾਬ ਪ੍ਰਧਾਨ ਇੰਜ ਭਿੰਡਰ ਨੇ ਕਿਹਾ ਕਿ ਅਕਤੂਬਰ 2012 ਵਿੱਚ ਕਾਂਗਰਸ ਆਗੂ ਰਾਹੁਲ ਗਾਂਧੀ ਨੇ ਪੰਜਾਬ ਯੂਨੀਵਰਸਿਟੀ ਦੇ ਇਕ ਸਮਾਗਮ ਵਿੱਚ ਕਿਹਾ ਸੀ ਕਿ ਪੰਜਾਬ ਦੇ ਨੌਜਵਾਨ 70 ਫ਼ੀਸਦੀ ਨਸ਼ਾ ਕਰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਤਤਕਾਲੀ ਸ਼੍ਰੋਮਣੀ ਅਕਾਲੀ ਦਲ ਬਾਦਲ ਬੀਜੇਪੀ ਗਠਜੋੜ ਸਰਕਾਰ ਨੇ ਰਾਹੁਲ ਗਾਂਧੀ ਦੇ ਇਸ ਬਿਆਨ ਨੂੰ ਕੌਮੀ ਚੁਟਕਲਾ ਗਰਦਾਨਦਿਆਂ ਕਿਹਾ ਸੀ ਕਿ ਕਾਂਗਰਸ ਆਗੂ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਬਦਨਾਮ ਕੀਤਾ ਜਾ ਰਿਹਾ ਹੈ ਅਤੇ ਤਤਕਾਲੀ ਬਾਦਲ ਸਰਕਾਰ ਨੇ ਇਸ ਸਮੱਸਿਆ ਨੂੰ ਗੰਭੀਰਤਾ ਨਾਲ ਲੈਣ ਦੀ ਬਜਾਏ ਅੱਖਾਂ ਮੀਟਣ ਵਾਲਾ ਰਵੱਈਆ ਅਪਣਾਇਆ ਗਿਆ ਪਰ ਇਹੀ ਚੁਟਕਲਾ ਸੂਬੇ ਦੀ ਫ਼ਿਜ਼ਾ ਵਿੱਚ ਅਸਲੀ ਰੂਪ ਧਾਰਕੇ ਸਾਡੇ ਸਾਹਮਣੇ ਖਲੋਤਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਇਸ ਦਲਦਲ ਲਈ ਤਤਕਾਲੀ ਬਾਦਲ ਅਤੇ ਬੀਜੇਪੀ ਸਰਕਾਰ ਵੀ ਜ਼ਿੰਮੇਵਾਰ ਹੈ। ਪੰਜਾਬ ਪ੍ਰਧਾਨ ਇੰਜ ਭਿੰਡਰ ਨੇ ਕਿਹਾ ਕਿ 2015 ਵਿੱਚ ਕਾਂਗਰਸ ਪ੍ਰਧਾਨ ਕੈਪਟਨ ਅਮਰਿੰਦਰ ਸਿੰਘ ਨੇ ਹੱਥ ਵਿਚ ਗੁਟਕਾ ਸਾਹਿਬ ਫੜ ਕੇ ਨੇ ਸਹੁੰ ਚੁੱਕੀ ਸੀ ਕਿ ਕਾਂਗਰਸ ਸਰਕਾਰ ਬਣਨ ਤੇ ਚਾਰ ਹਫ਼ਤਿਆਂ ਅੰਦਰ ਨਸ਼ਿਆ ਦਾ ਲੱਕ ਤੋੜ ਦਿਆਂਗੇ ਪਰ ਪੰਜਾਬ ਅੰਦਰ ਨਸ਼ਿਆ ਦੀ ਇਹ ਅਲਾਮਤ ਜੰਗਲ ਦੀ ਅੱਗ ਤਰਾਂ ਫੈਲਦੀ ਗਈ। ਉਨ੍ਹਾਂ ਕਿਹਾ ਕਿ ਝਾੜੂ ਸਰਕਾਰ ਨੇ 2022 ਦੀਆਂ ਚੋਣਾਂ ਤੋਂ ਪਹਿਲਾਂ ਵਾਅਦਾ ਕੀਤਾ ਸੀ ਕਿ ਛੇ ਮਹੀਨਿਆਂ ਦੇ ਅੰਦਰ ਅੰਦਰ ਨਸ਼ਾ ਖਤਮ ਕਰ ਦਿਆਂਗੇ ਪਰ ਝਾੜੂ ਸਰਕਾਰ ਦਾ ਵੀ ਇਹ ਵਾਅਦਾ ਵਫ਼ਾ ਨਾ ਹੋ ਸਕਿਆ, ਸਥਿਤੀ ਪਹਿਲਾਂ ਨਾਲੋਂ ਵੀ ਬੱਦਤਰ ਬਣੀ ਹੋਈ ਹੈ, ਝਾੜੂ ਸਰਕਾਰ ਵੱਲੋਂ ਵੀ ਨਸ਼ਿਆਂ ਦੇ ਮੁੱਦੇ ਤੇ ਅੰਕੜਿਆਂ ਦੀ ਖੇਡ ਖੇਡੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਚਿੱਟਾ ਅਤੇ ਡਰੱਗ ਨਸ਼ਾ ਹਰ ਗਲੀ, ਮੁਹੱਲੇ, ਪਿੰਡਾਂ ਅਤੇ ਕਸਬਿਆਂ ਵਿੱਚ ਸ਼ਰੇਆਮ ਉਪਲਬਧ ਹੈ, ਇਥੋਂ ਤੱਕ ਕਿ ਇਹ ਨਸ਼ਾ ਹੁਣ ਸਕੂਲਾਂ ਅਤੇ ਕਾਲਜਾਂ ਅਤੇ 70 ਫ਼ੀਸਦੀ ਮੈਡੀਕਲ ਸਟੋਰਾਂ ਤੇ ਉਪਲਬਧ ਹੈ, ਨਸ਼ੇ ਦੀ ਰੋਕਥਾਮ ਦੀ ਬਜਾਏ ਹੁਣ ਸਿਆਸੀ ਪਾਰਟੀਆਂ ਨੇ ਇਕ ਦੂਜੇ ਤੇ ਤੋਹਮਤਬਾਜ਼ੀ ਕਰਨ ਦੀ ਥਾਂ ਲੈ ਲਈ ਹੈ, ਕੁਲ ਮਿਲਾਕੇ ਕੇ ਨਸ਼ਿਆਂ ਦੀ ਇਸ ਭਿਅੰਕਰ ਬਿਮਾਰੀ ਨੂੰ ਫ਼ੈਲਾਉਣ ਵਿਚ ਤਤਕਾਲੀ ਸਰਕਾਰਾਂ ਅਤੇ ਮੌਜੂਦਾ ਸਰਕਾਰ ਜ਼ਿੰਮੇਵਾਰ ਹਨ। ਗੱਲਬਾਤ ਕਰਦਿਆਂ ਇੰਜ. ਭਿੰਡਰ ਨੇ ਕਿਹਾ ਕਿ ਨਸ਼ਿਆਂ ਦੇ ਮੁੱਦੇ ਤੇ ਜੁਵਾਬਦੇਹੀ ਤੋਂ ਬਚਣ ਲਈ ਸਿਰਫ਼ ਅੰਕੜਿਆਂ ਦੀ ਖੇਡ ਹੀ ਨਾ ਖੇਡੀ ਜਾਵੇ ਸਗੋਂ ਠੋਸ ਕਾਰਵਾਈ ਕਰਨ ਦੀ ਲੋੜ ਹੈ ਨਹੀਂ ਤਾਂ ਕਿਸੇ ਵੇਲੇ ਵੀ ਪੰਜਾਬ ਦੇ ਹਾਲਾਤ ਭਿਅੰਕਰ ਰੂਪ ਅਖ਼ਿਤਆਰ ਕਰ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# "ਪੰਜਾਬ ਸੜ ਰਿਹਾ ਹੈ, ਸਰਕਾਰ ਦਿਖਾਵੇ ਦੀ ਰਾਜਨੀਤੀ 'ਚ ਰੁੱਝੀ": ਨਰਿੰਦਰ ਬੈਨੀਪਾਲ

## ਨਸ਼ਿਆਂ ਤੋਂ ਲੈ ਕੇ ਫਿਰੌਤੀਆਂ ਤੱਕ ਪੰਜਾਬ ਬੇਕਾਬੂ, ਸਰਕਾਰ ਸਿਰ.ਫ ਇਸ਼ਿਤਹਾਰਾਂ ਤੇ ਦਿਖਾਵੇ 'ਚ ਰੁੱਝੀ



ਨਵੀਂ ਦਿੱਲੀ 18 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਬੁਲਾਰੇ ਨਗਿੰਦਰ ਬੈਨੀਪਾਲ ਨੇ ਪੰਜਾਬ ਦੀ ਵਿਗੜਦੀ ਕਾਨੂੰਨ-ਵਿਵਸਥਾ, ਨਸ਼ਿਆਂ, ਗੈਂਗਸਟਰਵਾਦ, ਫਿਰੌਤੀ ਅਤੇ ਸਰਕਾਰੀ ਤੰਤਰ 'ਤੇ ਲੱਗ ਰਹੇ ਗੰਭੀਰ ਦੋਸ਼ਾਂ ਨੂੰ ਲੈ ਕੇ ਭਗਵੰਤ ਮਾਨ ਸਰਕਾਰ ਨੂੰ ਘੇਰਿਆ ਹੈ। ਉਨ੍ਹਾਂ ਕਿਹਾ ਕਿ ਕਦੇ ਆਪਣੀ ਅਮੀਰ ਵਿਰਾਸਤ, ਮਿਹਨਤੀ ਕਿਸਾਨਾਂ, ਖੇਡਾਂ ਅਤੇ ਬਹਾਦਰੀ ਲਈ ਜਾਣਿਆ ਜਾਂਦਾ ਪੰਜਾਬ ਅੱਜ ਨਸ਼ਿਆਂ, ਗੈਂਗਸਟਰਾਂ, ਫਿਰੌਤੀਆਂ ਅਤੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਕਾਰਨ ਗੰਭੀਰ ਸੰਕਟ ਵਿੱਚ ਹੈ। ਉਨ੍ਹਾਂ ਸਵਾਲ ਕੀਤਾ ਕਿ ਆਖ਼ਰ ਪੰਜਾਬ ਵਿੱਚ ਅਸਲ ਰਾਜ ਕਿਸ ਦਾ ਹੈ ? ਬੈਨੀਪਾਲ ਨੇ ਸਾਬਕਾ ਟਾਂਡਾ ਥਾਣਾ ਮੁਖੀ ਗੁਰਿੰਦਰਜੀਤ ਸਿੰਘ ਨਾਗਰਾ ਦੀ ਗ੍ਰਿਫ਼ਤਾਰੀ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਹ ਕਾਰਵਾਈ ਅਮਰੀਕਾ ਵਿੱਚ ਰਹਿੰਦੇ ਇੱਕ ਪਰਿਵਾਰ ਨਾਲ ਜੁੜੀ ਕੌਮਾਂਤਰੀ ਫਿਰੌਤੀ ਸਾਜ਼ਿਸ਼ ਦੀ ਜਾਂਚ ਤੋਂ ਬਾਅਦ ਹੋਈ। ਇਸੇ ਤਰ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਦੇ ਵਿਸ਼ੇਸ਼ ਸਹਾਇਕ ਰਾਜਬੀਰ ਸਿੰਘ ਘੁੰਮਣ ਅਤੇ ਹੋਰਨਾਂ ਖ਼ਿਲਾਫ਼ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਨਿਰਦੇਸ਼ਾਂ ਮਗਰੋਂ ਕੇਂਦਰੀ ਜਾਂਚ ਬਿਊਰੋ ਵੱਲੋਂ ਦਰਜ ਮਾਮਲੇ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਸਰਕਾਰੀ ਤਬਾਦਲਿਆਂ, ਠੇਕਿਆਂ, ਪ੍ਰਸ਼ਾਸਨਿਕ ਮਨਜ਼ੂਰੀਆਂ ਅਤੇ ਹੋਰ ਕੰਮਾਂ ਵਿੱਚ ਕਥਿਤ ਵਿੱਤੀ ਲਾਭ ਲਈ ਪ੍ਰਭਾਵ ਵਰਤਣ ਦੇ ਦੋਸ਼ ਬੇਹੱਦ ਗੰਭੀਰ ਹਨ। ਬੈਨੀਪਾਲ ਨੇ ਕਿਹਾ ਕਿ ਬਲਾਤਕਾਰ ਦੇ ਇੱਕ ਮਾਮਲੇ ਨਾਲ ਜੁੜੇ 5 ਕਰੋੜ ਰੁਪਏ ਦੀ ਕਥਿਤ ਮੰਗ ਨੇ ਵੀ ਸਰਕਾਰੀ ਤੰਤਰ ਵਿੱਚ ਪ੍ਰਭਾਵ ਦੀ ਵਰਤੋਂ ਅਤੇ ਜਵਾਬਦੇਹੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਦੋਸ਼ਾਂ ਦਾ ਜਵਾਬ ਸਿਆਸੀ ਬਚਾਅ ਨਾਲ ਨਹੀਂ, ਸਗੋਂ ਪਾਰਦਰਸ਼ੀ ਅਤੇ ਨਿਰਪੱਖ ਜਾਂਚ ਨਾਲ ਦਿੱਤਾ ਜਾਣਾ ਚਾਹੀਦਾ ਹੈ। ਨਸ਼ਿਆਂ ਦੀ ਸਮੱਸਿਆ ਬਾਰੇ ਉਨ੍ਹਾਂ ਮੋਹਨਜੀਤ ਸਿੰਘ, ਗੁਲਜ਼ਾਰ ਸਿੰਘ, ਜਗਸੀਰ ਸਿੰਘ ਅਤੇ ਪਰਵਿੰਦਰ ਸਿੰਘ ਝੋਟਾ ਨਾਲ ਜੁੜੇ ਮਾਮਲਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਵੀ ਚਿੰਤਾ ਵਧ ਰਹੀ ਹੈ। ਉਨ੍ਹਾਂ ਕਿਹਾ ਕਿ ਹਜ਼ਾਰਾਂ ਨਸ਼ਾ-ਸਬੰਧੀ ਮਾਮਲੇ, ਵਿਦੇਸ਼ਾਂ ਵਿੱਚ ਬੈਠੇ ਗੈਂਗਸਟਰਾਂ ਵੱਲੋਂ ਧਮਕੀਆਂ, ਸਰਹੱਦ ਪਾਰੋਂ ਨਸ਼ਿਆਂ ਤੇ ਹਥਿਆਰਾਂ ਦੀ ਤਸਕਰੀ ਅਤੇ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਨਾਲ ਹਿੰਸਾ ਇਹ ਦਰਸਾਉਂਦੀ ਹੈ ਕਿ ਸਿਰਫ਼ ਨਾਅਰਿਆਂ ਨਾਲ ਨਸ਼ਿਆਂ ਦੀ ਸਮੱਸਿਆ ਦਾ ਹੱਲ ਨਹੀਂ ਹੋ ਸਕਦਾ। ਬੈਨੀਪਾਲ ਨੇ ਕਿਹਾ ਕਿ "ਪੰਜਾਬ ਨੂੰ ਚੰਗਾ ਰਾਜ-ਪ੍ਰਬੰਧ ਚਾਹੀਦਾ ਹੈ, ਦਿਖਾਵਾ ਨਹੀਂ।" ਉਨ੍ਹਾਂ ਕਿਹਾ ਕਿ ਜਦੋਂ ਪਰਿਵਾਰ ਆਪਣੇ ਬੱਚਿਆਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਜੱਦੋਜਹਿਦ ਕਰ ਰਹੇ ਹਨ, ਵਪਾਰੀ ਫਿਰੌਤੀਆਂ ਤੋਂ ਡਰੇ ਹੋਏ ਹਨ ਅਤੇ ਆਮ ਲੋਕ ਸਰਕਾਰੀ ਸੰਸਥਾਵਾਂ ਦੀ ਭਰੋਸੇਯੋਗਤਾ 'ਤੇ ਸਵਾਲ ਉਠਾ ਰਹੇ ਹਨ, ਉਸ ਵੇਲੇ ਸਰਕਾਰ ਦਾ ਧਿਆਨ ਇਸ਼ਿਤਹਾਰਬਾਜ਼ੀ, ਵੀਆਈਪੀ ਸੱਭਿਆਚਾਰ ਅਤੇ ਸਿਆਸੀ ਦਿਖਾਵੇ ਦੀ ਬਜਾਏ ਜ਼ਮੀਨੀ ਸਮੱਸਿਆਵਾਂ ਵੱਲ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੁਲਿਸ ਪ੍ਰਬੰਧ ਮਜ਼ਬੂਤ ਕੀਤਾ ਜਾਵੇ, ਪ੍ਰਸ਼ਾਸਨ ਨੂੰ ਜਵਾਬਦੇਹ ਬਣਾਇਆ ਜਾਵੇ, ਸੰਗਠਿਤ ਅਪਰਾਧ ਵਿਰੁੱਧ ਤੁਰੰਤ ਕਾਰਵਾਈ ਹੋਵੇ ਅਤੇ ਨਸ਼ਿਆਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਨਾਗਰਿਕਾਂ ਨੂੰ ਸੁਰੱਖਿਆ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਗੰਭੀਰ ਦੋਸ਼ਾਂ ਦੀ ਜਾਂਚ ਅਹੁਦੇ ਅਤੇ ਸਿਆਸੀ ਪ੍ਰਭਾਵ ਤੋਂ ਉੱਪਰ ਉੱਠ ਕੇ ਨਿਰਪੱਖ ਢੰਗ ਨਾਲ ਹੋਣੀ ਚਾਹੀਦੀ ਹੈ। ਬੈਨੀਪਾਲ ਨੇ ਕਿਹਾ ਕਿ ਪੰਜਾਬ ਦੇ ਲੋਕ ਅਜਿਹੀ ਸਰਕਾਰ ਦੇ ਹੱਕਦਾਰ ਹਨ ਜੋ ਉਨ੍ਹਾਂ ਦਾ ਭਰੋਸਾ ਬਹਾਲ ਕਰੇ। "ਸੁਨੇਹਾ ਸਾਫ਼ ਹੈ—ਨਸ਼ਿਆਂ ਵਿਰੁੱਧ ਬੋਲਣ ਵਾਲੇ ਲੋਕ ਅਪਰਾਧੀਆਂ ਤੋਂ ਨਾ ਡਰਨ, ਸਗੋਂ ਅਪਰਾਧੀਆਂ ਨੂੰ ਕਾਨੂੰਨ ਤੋਂ ਡਰਨਾ ਚਾਹੀਦਾ ਹੈ। ਇਹੀ ਉਹ ਪੰਜਾਬ ਹੈ ਜਿਸ ਨੂੰ ਸਾਨੂੰ ਮੁੜ ਬਹਾਲ ਕਰਨਾ ਹੈ।"

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ

# 34ਵਾਂ ਮਹਾਨ ਗੁਰਮਤਿ ਸਮਾਗਮ ਤੇ ਕੀਰਤਨ ਦਰਬਾਰ ਸ਼ਰਧਾ ਤੇ ਸਤਿਕਾਰ ਨਾਲ ਜਲੰਧਰ ਵਿਖੇ ਸੰਪਨ






**ਜਲੰਧਰ, 18 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵਿਖੇ ਖਾਲਸਾ ਨੌਜਵਾਨ ਸਭਾ ਦੇ ਉੱਦਮ ਅਤੇ ਭਾਈ ਸਾਹਿਬ ਭਾਈ ਰਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਸਹਿਯੋਗ ਨਾਲ 34ਵਾਂ ਮਹਾਨ ਗੁਰਮਤਿ ਸਮਾਗਮ ਤੇ ਕੀਰਤਨ ਦਰਬਾਰ ਬੜੀ ਸ਼ਰਧਾ ਤੇ ਸਤਿਕਾਰ ਨਾਲ ਕਰਵਾਇਆ ਗਿਆ। ਇਸ ਮੌਕੇ ਤੇ ਪੰਥ ਪ੍ਰਸਿੱਧ ਰਾਗੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ ਉਚੇਚੇ ਤੌਰ ਤੇ ਸ਼ਾਮਿਲ ਹੋਏ ਅਤੇ ਸੰਗਤਾਂ ਨੂੰ ਇਲਾਹੀ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ। ਵੱਡੀ ਗਿਣਤੀ ਵਿੱਚ ਸੰਗਤ ਨੇ ਇਸ ਸਮਾਗਮ ਵਿੱਚ ਹਾਜ਼ਰੀ ਭਰੀ। ਇਸ ਮੌਕੇ ਤੇ ਉੱਘੇ ਸਿੱਖ ਵਿਦਵਾਨ ਤੇ ਸਿੱਖ ਚਿੰਤਕ ਭਗਵਾਨ ਸਿੰਘ ਜੀ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਹ ਸਨਮਾਨ ਭਾਈ ਸਾਹਿਬ ਭਾਈ ਰਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸਰਦਾਰ ਗੁਰਬਚਨ ਸਿੰਘ ਜੀ ਮੱਕੜ ਅਤੇ ਰਾਮਾ ਮੰਡੀ ਦੀ ਸਮੂਹ ਸੰਗਤ ਅਤੇ ਨੌਜਵਾਨਾਂ ਵੱਲੋਂ ਕੀਤਾ ਗਿਆ। ਇਹ ਸਮਾਗਮ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਤਾ ਗਿਆ ਸੀ। ਸਨਮਾਨ ਵਜੋਂ ਵਿਸ਼ਾਲ ਸਰੋਪਾ ਅਤੇ ਸ੍ਰੀ ਸਾਹਿਬ ਭੇਟ ਕੀਤੀ ਗਈ। ਅੰਤ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਚਿੱਟੇ ਦੇ ਸੁਦਾਗਰਾਂ ਨੂੰ ਬੇਨਕਾਬ ਕਰੋ

# ਪੰਜਾਬ ਦੀ ਜਵਾਨੀ ਬਚਾਓ !

ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸਿਰਫ਼ ਨਾਅਰੇ ਲਾਉਣੇ ਕਾਫ਼ੀ ਨਹੀਂ, ਸਗੋਂ ਸਰਕਾਰ, ਪ੍ਰਸ਼ਾਸਨ, ਪੁਲਿਸ, ਸਮਾਜ ਅਤੇ ਪਰਿਵਾਰਾਂ ਨੂੰ ਮਿਲ ਕੇ ਠੋਸ ਕਦਮ ਚੁੱਕਣੇ ਪੈਣਗੇ।

ਪੰਜਾਬ ਦੀ ਜਵਾਨੀ ਬਚਾਉਣ ਲਈ ਹੇਠ ਲਿਖੇ ਕਦਮ ਬੇਹੱਦ ਜ਼ਰੂਰੀ ਹਨ:

ਪੰਜਾਬ ਨੂੰ ਨਸ਼ਾ ਮੁਕਤ ਕਿਵੇਂ ਬਣਾਇਆ ਜਾਵੇ ?

1 ਨਸ਼ਾ ਤਸਕਰੀ ਦੇ ਪੂਰੇ ਨੈੱਟਵਰਕ ਦੀ ਜਾਂਚ ਹੋਵੇ।

ਸਿਰਫ਼ ਛੋਟੇ ਤਸਕਰਾਂ ਨੂੰ ਫੜ ਕੇ ਮਾਮਲਾ ਖ਼ਤਮ ਨਾ ਕੀਤਾ ਜਾਵੇ। ਨਸ਼ਿਆਂ ਦੀ ਸਪਲਾਈ, ਵਿੱਤੀ ਲੈਣ-ਦੇਣ, ਸਟੋਰੇਜ ਅਤੇ ਵੰਡ ਨਾਲ ਜੁੜੀਆਂ ਕੜੀਆਂ ਦੀ ਨਿਰਪੱਖ ਜਾਂਚ ਹੋਵੇ। ਜੇ ਕਿਸੇ ਸਿਆਸੀ ਆਗੂ, ਅਧਿਕਾਰੀ ਜਾਂ ਪ੍ਰਭਾਵਸ਼ਾਲੀ ਵਿਅਕਤੀ ਦੀ ਸ਼ਮੂਲੀਅਤ ਦੇ ਸਬੂਤ ਮਿਲਣ, ਤਾਂ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ।



2 ਨਸ਼ਾ ਤਸਕਰਾਂ ਨੂੰ ਸਰਪ੍ਰਸਤੀ ਦੇਣ ਵਾਲਿਆਂ ਦੀ ਜਵਾਬਦੇਹੀ ਤੈਅ ਹੋਵੇ।

ਕੋਈ ਵੀ ਵਿਅਕਤੀ ਕਾਨੂੰਨ ਤੋਂ ਉੱਪਰ ਨਹੀਂ ਹੋਣਾ ਚਾਹੀਦਾ। ਜਾਂਚ ਨਿਰਪੱਖ ਹੋਵੇ, ਸਬੂਤ ਜਨਤਕ ਜਵਾਬਦੇਹੀ ਦੇ ਮਾਪਦੰਡਾਂ ਅਨੁਸਾਰ ਸਾਹਮਣੇ ਆਉਣ ਅਤੇ ਦੋਸ਼ ਸਾਬਤ ਹੋਣ 'ਤੇ ਸਖ਼ਤ ਕਾਨੂੰਨੀ ਸਜ਼ਾ ਮਿਲੇ।

3 ਨਸ਼ਾ ਪੀੜਤ ਨੌਜਵਾਨਾਂ ਨੂੰ ਅਪਰਾਧੀ ਨਹੀਂ, ਮਰੀਜ਼ ਸਮਝ ਕੇ ਇਲਾਜ ਦਿੱਤਾ ਜਾਵੇ।

ਨਸ਼ੇ ਦੀ ਲਤ ਇੱਕ ਗੰਭੀਰ ਸਿਹਤ ਸਮੱਸਿਆ ਹੈ। ਹਰ ਜ਼ਿਲ੍ਹੇ ਵਿੱਚ ਮਿਆਰੀ ਨਸ਼ਾ ਛੁਡਾਊ ਕੇਂਦਰ, ਮਨੋਵਿਗਿਆਨਕ ਸਲਾਹ, ਪਰਿਵਾਰਕ ਸਹਾਇਤਾ ਅਤੇ ਇਲਾਜ ਤੋਂ ਬਾਅਦ ਰੁਜ਼ਗਾਰ ਨਾਲ ਜੋੜਨ ਦੀ ਵਿਵਸਥਾ ਹੋਵੇ।

4 ਨੌਜਵਾਨਾਂ ਨੂੰ ਰੁਜ਼ਗਾਰ ਅਤੇ ਖੇਡਾਂ ਦੇ ਮੌਕੇ ਮਿਲਣ।

ਪਿੰਡਾਂ ਵਿੱਚ ਖੇਡ ਮੈਦਾਨ, ਲਾਇਬ੍ਰੇਰੀਆਂ, ਹੁਨਰ ਸਿਖਲਾਈ ਕੇਂਦਰ ਅਤੇ ਰੁਜ਼ਗਾਰ ਦੇ ਮੌਕੇ ਵਧਾਏ ਜਾਣ। ਨੌਜਵਾਨਾਂ ਨੂੰ ਨਿਰਾਸ਼ਾ ਤੋਂ ਬਾਹਰ ਕੱਢ ਕੇ ਸਿਹਤਮੰਦ ਅਤੇ ਸਵੈ-ਮਾਣ ਵਾਲੀ ਜ਼ਿੰਦਗੀ ਵੱਲ ਲਿਜਾਣਾ ਜ਼ਰੂਰੀ ਹੈ।

5 ਸਕੂਲਾਂ ਅਤੇ ਕਾਲਜਾਂ ਵਿੱਚ ਨਸ਼ਾ ਵਿਰੋਧੀ ਸਿੱਖਿਆ ਦਿੱਤੀ ਜਾਵੇ।

ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ, ਪਰਿਵਾਰਕ ਅਤੇ ਸਮਾਜਿਕ ਨੁਕਸਾਨਾਂ ਬਾਰੇ ਵਿਗਿਆਨਕ ਜਾਣਕਾਰੀ ਦਿੱਤੀ ਜਾਵੇ। ਅਧਿਆਪਕਾਂ, ਮਾਪਿਆਂ ਅਤੇ ਸਿਹਤ ਮਾਹਿਰਾਂ ਦੀ ਸਾਂਝੀ ਭੂਮਿਕਾ ਯਕੀਨੀ ਬਣਾਈ ਜਾਵੇ।

6 ਨਸ਼ਿਆਂ ਵਿਰੁੱਧ ਸ਼ਿਕਾਇਤ ਕਰਨ ਵਾਲਿਆਂ ਦੀ ਸੁਰੱਖਿਆ ਹੋਵੇ।

ਨਸ਼ਾ ਤਸਕਰੀ ਬਾਰੇ ਭਰੋਸੇਯੋਗ ਜਾਣਕਾਰੀ ਦੇਣ ਵਾਲੇ ਲੋਕਾਂ ਦੀ ਪਛਾਣ ਗੁਪਤ ਰੱਖਣ ਅਤੇ ਉਨ੍ਹਾਂ ਨੂੰ ਧਮਕੀਆਂ ਤੋਂ ਬਚਾਉਣ ਲਈ ਪ੍ਰਭਾਵਸ਼ਾਲੀ ਪ੍ਰਬੰਧ ਹੋਣ। ਪੁਲਿਸ ਦੀ ਕਾਰਵਾਈ ਦੀ ਨਿਗਰਾਨੀ ਅਤੇ ਸ਼ਿਕਾਇਤਾਂ ਦੇ ਨਿਪਟਾਰੇ ਦੀ ਵਿਵਸਥਾ ਵੀ ਮਜ਼ਬੂਤ ਹੋਵੇ।

7 ਪਿੰਡ ਪੱਧਰ 'ਤੇ ਲੋਕ ਲਹਿਰ ਖੜ੍ਹੀ ਕੀਤੀ ਜਾਵੇ।

ਪੰਚਾਇਤਾਂ, ਸਮਾਜ ਸੇਵੀ ਸੰਸਥਾਵਾਂ, ਧਾਰਮਿਕ ਸੰਸਥਾਵਾਂ, ਡਾਕਟਰਾਂ, ਅਧਿਆਪਕਾਂ ਅਤੇ ਨੌਜਵਾਨ ਕਲੱਬਾਂ ਨੂੰ ਮਿਲ ਕੇ ਨਸ਼ਾ ਵਿਰੋਧੀ ਕਮੇਟੀਆਂ ਬਣਾਉਣੀਆਂ ਚਾਹੀਦੀਆਂ ਹਨ। ਨਸ਼ੇ ਦੇ ਸ਼ਿਕਾਰ ਪਰਿਵਾਰਾਂ ਨੂੰ ਬਦਨਾਮ ਕਰਨ ਦੀ ਬਜਾਏ ਉਨ੍ਹਾਂ ਦੀ ਮਦਦ ਕੀਤੀ ਜਾਵੇ।

ਪੰਜਾਬ ਦੇ ਲੋਕਾਂ ਨੂੰ ਦਿਲੋਂ ਅਪੀਲ

ਪੰਜਾਬ ਦੀਆਂ ਮਾਵਾਂ ਦੇ ਪੁੱਤ ਬਚਾਉਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਸਾਨੂੰ ਇਹ ਸਵਾਲ ਪੁੱਛਣਾ ਹੀ ਪਵੇਗਾ ਕਿ ਨਸ਼ਾ ਕਿੱਥੋਂ ਆਉਂਦਾ ਹੈ, ਇਸ ਦੀ ਸਪਲਾਈ ਕੌਣ ਕਰਦਾ ਹੈ, ਇਸ ਤੋਂ ਕਮਾਈ ਕੌਣ ਕਰਦਾ ਹੈ ਅਤੇ ਇਸ ਨੂੰ ਰੋਕਣ ਵਿੱਚ ਕਿੱਥੇ ਕਮੀ ਰਹਿ ਰਹੀ ਹੈ ?

ਸਾਡਾ ਮਕਸਦ ਬਿਨਾਂ ਸਬੂਤ ਕਿਸੇ ਨੂੰ ਦੋਸ਼ੀ ਠਹਿਰਾਉਣਾ ਨਹੀਂ, ਸਗੋਂ ਨਿਰਪੱਖ ਜਾਂਚ, ਪਾਰਦਰਸ਼ੀ ਕਾਰਵਾਈ ਅਤੇ ਦੋਸ਼ੀਆਂ ਦੀ ਕਾਨੂੰਨੀ ਜਵਾਬਦੇਹੀ ਯਕੀਨੀ ਬਣਾਉਣਾ ਹੈ।

ਜਦੋਂ ਤੱਕ ਨਸ਼ਿਆਂ ਦੀ ਸਪਲਾਈ ਰੋਕਣ, ਤਸਕਰੀ ਦੇ ਨੈੱਟਵਰਕ ਨੂੰ ਤੋੜਨ, ਨਸ਼ਾ ਪੀੜਤਾਂ ਦੇ ਇਲਾਜ ਅਤੇ ਨੌਜਵਾਨਾਂ ਦੇ ਮੁੜ ਵਸੇਬੇ ਲਈ ਇਕੱਠੇ ਯਤਨ ਨਹੀਂ ਹੁੰਦੇ, ਉਦੋਂ ਤੱਕ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਬਹੁਤ ਔਖਾ ਰਹੇਗਾ।

ਆਓ, ਅਸੀਂ ਸਾਰੇ ਮਿਲ ਕੇ ਆਵਾਜ਼ ਬੁਲੰਦ ਕਰੀਏ:

* ਨਸ਼ਾ ਤਸਕਰੀ ਬੰਦ ਕਰੋ!
* ਨਸ਼ਾ ਤਸਕਰੀ ਦੇ ਨੈੱਟਵਰਕ ਦੀ ਨਿਰਪੱਖ ਜਾਂਚ ਕਰੋ!
* ਨਸ਼ਾ ਪੀੜਤਾਂ ਦਾ ਇਲਾਜ ਅਤੇ ਮੁੜ ਵਸੇਬਾ ਯਕੀਨੀ ਬਣਾਓ!
* ਨੌਜਵਾਨਾਂ ਨੂੰ ਰੁਜ਼ਗਾਰ ਅਤੇ ਖੇਡਾਂ ਦੇ ਮੌਕੇ ਦਿਓ!
* ਪੰਜਾਬ ਦੀ ਜਵਾਨੀ ਬਚਾਓ, ਪੰਜਾਬ ਦਾ ਭਵਿੱਖ ਬਚਾਓ!

ਜੈ ਜਵਾਨੀ, ਜੈ ਪੰਜਾਬ — ਨਸ਼ਾ ਮੁਕਤ ਪੰਜਾਬ ਸਾਡਾ ਸੁਪਨਾ, ਸਾਡਾ ਸੰਕਲਪ!



**-ਡਾ. ਜਗਜੀਵਨ ਸਿੰਘ ਸ਼ੇਰਪੁਰ ਪ੍ਰਧਾਨ,**
**ਮਾਤਾ ਚੰਦ ਕੌਰ ਯਾਦਗਾਰੀ ਟਰੱਸਟ ਰਜਿ.**
**ਸ਼ੇਰਪੁਰ, ਜ਼ਿਲ੍ਹਾ ਸੰਗਰੂਰ, ਪੰਜਾਬ।**

# ਦਮਦਮੀ ਟਕਸਾਲ ਦੇ ਹੈੱਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ ਯੂਕੇ ਦੀ ਧਰਤੀ ਤੇ ਪ੍ਰਚਾਰ ਪ੍ਰਸਾਰ ਲਈ ਹੋਏ ਰਵਾਨਾ



**ਚੌਕ ਮਹਿਤਾ,18 ਅਕੂਤਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀ ਕਿਰਪਾ ਸਦਕਾ ਅਤੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਆਸ਼ੀਰਵਾਦ ਦੇ ਨਾਲ ਦਮਦਮੀ ਟਕਸਾਲ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਜਥਾ ਭਿੰਡਰਾਂ ਚੌਕ ਮਹਿਤਾ ਦੇ ਹੈੱਡ ਗ੍ਰੰਥੀ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ ਗਿਆਨੀ ਗੁਰਦੀਪ ਸਿੰਘ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਕੁਝ ਸਮੇਂ ਲਈ ਵਿਦੇਸ ਦੀ ਧਰਤੀ ਯੂਕੇ ਰਵਾਨਾ ਹੋਏ। ਉਹ ਕੁਝ ਸਮਾਂ ਯੂਕੇ ਦੀ ਧਰਤੀ ਤੇ ਵੱਖ ਵੱਖ ਥਾਵਾਂ ਤੇ ਸੰਗਤਾਂ ਨੂੰ ਪ੍ਰਚਾਰ ਪ੍ਰਸਾਰ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ ਯੂ ਕੇ ਦੀਆਂ ਸੰਗਤਾਂ ਨੇ ਗਿਆਨੀ ਗੁਰਦੀਪ ਸਿੰਘ ਜੀ ਦਾ ਨਿੱਘਾ ਸੁਆਗਤ ਕੀਤਾ।

# ਸਰਕਾਰੀ ਮਿਡਲ ਸਕੂਲ ਭੋਜੋਵਾਲੀ ਦੇ ਵਿਦਿਆਰਥੀ ਨੇ 'ਬੈਸਟ ਐਕਟਰ' ਦਾ ਖ਼ਿਤਾਬ ਜਿੱਤ ਕੇ ਸਕੂਲ ਦਾ ਨਾਂ ਕੀਤਾ ਰੋਸ਼ਨ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸਰਕਾਰੀ ਹਾਈ ਸਕੂਲ ਰਾਜੋਮਾਜਰਾ ਵਿਖੇ ਮਿਤੀ 15 ਅਕਤੂਬਰ 2026 (15.10.26) ਨੂੰ ਆਯੋਜਿਤ ਕੀਤੇ ਗਏ ਸਾਇੰਸ ਡਰਾਮਾ ਮੁਕਾਬਲੇ ਵਿੱਚ ਸਰਕਾਰੀ ਮਿਡਲ ਸਕੂਲ ਭੋਜੋਵਾਲੀ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਅਤੇ ਇਲਾਕੇ ਦਾ ਨਾਂ ਰੋਸ਼ਨ ਕੀਤਾ ਹੈ। ਇਸ ਮੁਕਾਬਲੇ ਲਈ ਵਿਦਿਆਰਥੀਆਂ ਨੂੰ ਸਾਇੰਸ ਅਧਿਆਪਿਕਾ ਵੀਰਪਾਲ ਕੌਰ, ਹਿੰਦੀ ਮਾਸਟਰ ਸੰਨੀ ਕੁਮਾਰ ਅਤੇ ਪੰਜਾਬੀ ਅਧਿਆਪਿਕਾ ਰਮਨਦੀਪ ਕੌਰ ਵੱਲੋਂ ਤਹਿ ਦਿਲੋਂ ਅਤੇ ਅਣਥੱਕ ਮਿਹਨਤ ਨਾਲ ਤਿਆਰੀ ਕਰਵਾਈ ਗਈ ਸੀ। ਅਧਿਆਪਕਾਂ ਦੀ ਯੋਗ ਅਗਵਾਈ ਹੇਠ ਤਿਆਰ ਕੀਤੇ ਗਏ ਇਸ ਨਾਟਕ ਨੇ ਸਮਾਗਮ ਵਿੱਚ ਹਾਜ਼ਰ ਸਾਰੇ ਦਰਸ਼ਕਾਂ ਅਤੇ ਜੱਜਾਂ ਦਾ ਧਿਆਨ ਆਪਣੇ ਵੱਲ ਖਿੱਚਿਆ। ਇਸ ਡਰਾਮਾ ਮੁਕਾਬਲੇ ਵਿੱਚ ਵਿਸ਼ੇਸ਼ ਪ੍ਰਾਪਤੀ ਹਾਸਲ ਕਰਦਿਆਂ ਸਰਕਾਰੀ ਮਿਡਲ ਸਕੂਲ ਭੋਜੋਵਾਲੀ ਦੇ ਇੱਕ ਹੋਣਹਾਰ ਵਿਦਿਆਰਥੀ ਨੇ ਆਪਣੀ ਅਦਾਕਾਰੀ ਦੀ ਛਾਪ ਛੱਡਦਿਆਂ 'ਬੈਸਟ ਐਕਟਰ' (Best Actor) ਦਾ ਖ਼ਿਤਾਬ ਅਤੇ ਇਨਾਮ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਮੁਖੀ ਅਤੇ ਸਮੂਹ ਸਟਾਫ਼ ਵੱਲੋਂ ਜੇਤੂ ਵਿਦਿਆਰਥੀ, ਉਸ ਦੇ ਮਾਪਿਆਂ ਅਤੇ ਤਿਆਰੀ ਕਰਵਾਉਣ ਵਾਲੇ ਅਧਿਆਪਕਾਂ—ਵੀਰਪਾਲ ਕੌਰ, ਸੰਨੀ ਕੁਮਾਰ ਅਤੇ ਰਮਨਦੀਪ ਕੌਰ—ਨੂੰ ਵਿਸ਼ੇਸ਼ ਤੌਰ 'ਤੇ ਮੁਬਾਰਕਬਾਦ ਦਿੱਤੀ ਗਈ। ਉਨ੍ਹਾਂ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਸਕੂਲ ਦੇ ਵਿਦਿਆਰਥੀ ਅਕਾਦਮਿਕ ਅਤੇ ਸਭਿਆਚਾਰਕ ਗਤੀਵਿਧੀਆਂ ਵਿੱਚ ਅਜਿਹੀਆਂ ਹੀ ਮਾਣਮੱਤੀਆਂ ਮੱਲਾਂ ਮਾਰਦੇ ਰਹਿਣਗੇ।

# ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਕਬੱਡੀ ਕੱਪ ਸੰਪੰਨ

**ਅੰਮ੍ਰਿਤਸਰ ਵੇਰਕਾ ,18 ਅਕਤੂਬਰ( ਆਵਾਜ਼ਿ ਕੌਮ ਬਿਊਰੋ)**-ਬਾਬਾ ਜੀਵਨ ਸਿੰਘ ਸੇਵਾ ਸੋਸਾਇਟੀ ਵੱਲੋਂ ਐਨ ਆਰ ਆਈ ਵੀਰਾ ਦੇ ਸਹਿਯੋਗ ਨਾਲ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 8ਵਾਂ ਸਲਾਨਾ ਕਬੱਡੀ ਕੱਪ ਪਿੰਡ ਫਤਹਿਗੜ੍ਹ ਸ਼ੁਕਰ ਚੱਕ ਵਿਖੇ ਕਰਵਾਇਆ ਗਿਆ ।ਇਸ ਮੌਕੇ ਤੇ ਏ ਡੀ ਜੀ ਪੀ ਗੁਰਦੇਵ ਸਿੰਘ ਸਹੋਤਾ ਅਤੇ ਐਸ ਪੀ ਗੁਰਪ੍ਰਤਾਪ ਸਿੰਘ ਸਹੋਤਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ।ਇਸ ਕਬੱਡੀ ਕੱਪ ਚ ਸ਼੍ਰੀ ਗੁਰੂ ਰਾਮਦਾਸ ਕਬੱਡੀ ਕਲੱਬ ਨੇ ਪਹਿਲਾ ਸਥਾਨ ਅਤੇ ਮਾਲਵਾ ਲਾਈਨਜ ਨੇ ਕ੍ਰਮਵਾਰ ਦੂਸਰਾ ਸਥਾਨ ਹਾਸਿਲ ਕੀਤਾ ।ਇਸ ਮੌਕੇ ਤੇ ਮੁੱਖ ਮਹਿਮਾਨ ਏ ਡੀ ਜੀ ਪੀ ਗੁਰਦੇਵ ਸਿੰਘ ਸਹੋਤਾ, ਐਸ ਪੀ ਗੁਰਪ੍ਰਤਾਪ ਸਿੰਘ ਸਹੋਤਾ ਅਤੇ ਬਾਬਾ ਜੀਵਨ ਸਿੰਘ ਸੇਵਾ ਸੋਸਾਇਟੀ ਦੇ ਪ੍ਰਧਾਨ ਇੰਦਰਜੀਤ ਸਿੰਘ ਰਿੰਕੂ ਵਲੋਂ ਪਹਿਲੇ ਸਥਾਨ ਤੇ ਆਉਣ ਵਲੋਂ ਕਬੱਡੀ ਦੀ ਟੀਮ ਨੂੰ 110000 ਅਤੇ ਦੂਸਰਾ ਸਥਾਨ ਹਾਸਿਲ ਕਰਨ ਵਾਲੀ ਟੀਮ ਨੂੰ 90 ਹਜਾਰ ਰੁਪਏ ਦਾ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ।ਇਸਤੋਂ ਇਲਾਵਾ ਬੈਸਟ ਰੇਡਰਾਂ ਨੂੰ ਵਿੱਕੀ ਸ਼ਰਮਾ ਵਲੋਂ 11-11 ਹਜਾਰ ਰੁਪਏ ਦੇ ਕੇ ਵੱਖਰੇ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਪ੍ਰਧਾਨ ਇੰਦਰਜੀਤ ਸਿੰਘ ਰਿੰਕੂ ਨੇ ਨੌਜਵਾਨ ਪੀੜੀ ਨੂੰ ਅਪੀਲ ਕਰਦਿਆਂ ਕਿਹਾ ਕੇ ਉਹ ਨਸ਼ਿਆਂ ਦੇ ਕੋਹੜ ਤੋਂ ਦੂਰ ਰਹਿਣ ਅਤੇ ਖੇਡਾਂ ਨਾਲ ਜੁੜਨ । ਖੇਡਾਂ ਨਾਲ ਜਿੱਥੇ ਸਰੀਰ ਚੁਸਤ ਦਰੁਸਤ ਅਤੇ ਤੰਦਰੁਸਤ ਰਹਿੰਦਾ ਹੈ ਓਥੇ ਨਾਲ ਹੀ ਵਿਅਕਤੀ ਵਿਚ ਸਕਾਰਾਤਮਿਕ ਊਰਜਾ ਦਾ ਸੰਚਾਰ ਹੁੰਦਾ ਹੈ ।ਇਸ ਮੌਕੇ ਤੇ ਪ੍ਰਧਾਨ ਇੰਦਰਜੀਤ ਸਿੰਘ ਰਿੰਕੂ, ਮਨਪ੍ਰੀਤ ਸਿੰਘ ਵੇਰਕਾ, ਬਾਊ ਪਲਵਾਨ, ਅਵਤਾਰ ਸਿੰਘ, ਸਿਮਰਨਜੀਤ ਸਿੰਘ, ਰੋਬਨ ਗਿੱਲ, ਸੰਦੀਪ ਸਿੰਘ, ਅੰਮ੍ਰਿਤ ਪਾਲ ਲੱਕੀ, ਲਵਜੀਤ ਸਿੰਘ, ਗੁਰਪ੍ਰੀਤ ਸਹੋਤਾ ਗੁਰਵਿੰਦਰ ਸਹੋਤਾ, ਹਿੰਦੂ, ਕੁਲਦੀਪ ਸਿੰਘ ਅਰਸ, ਗੁਰਸ਼ਰਨ ਸਿੰਘ, ਬਲਜੀਤ ਸਿੰਘ, ਨਿਸ਼ਾਨ ਸਿੰਘ, ਤਜਿੰਦਰ ਪਾਲ ਸਿੰਘ ਖਾਲਸਾ, ਲਾਲ ਸਿੰਘ ਪ੍ਰਧਾਨ, ਹੰਸਾ ਸਿੰਘ ਪ੍ਰਧਾਨ, ਸਨੀ, ਅਵਤਾਰ ਸਿੰਘ, ਦਲਬੀਰ ਸਿੰਘ, ਰੋਬਨ ਸਿੰਘ,ਸਿਮਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ੴ ਸਤਿਨਾਮੁ ਵਾਹਿਗੁਰੂ
'ਸਿੱਖੀ ਸਿਰਫ਼ ਧਰਮ ਨਹੀਂ,
ਇਹ ਮਨੁੱਖਤਾ ਦੀ ਸੇਵਾ ਹੈ।'
ਸੰਤ ਗਿਆਨੀ ਹਰਨਾਮ ਸਿੰਘ ਜੀ
ਖਾਲਸਾ ਭਿੰਡਰਾਂਵਾਲੇ
ਮਹਾਂਪੁਰਖਾਂ ਦੇ ਆਸੀਰਵਾਦ ਸਦਕਾ
ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਅਪਾਰ ਕਿਰਪਾ
ਤੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ
ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ
ਭਿੰਡਰਾਂਵਾਲੇ ਮਹਾਂਪੁਰਖਾਂ ਦੇ ਆਸੀਰਵਾਦ ਸਦਕਾ
ਗਿਆਨੀ ਗੁਰਦੀਪ ਸਿੰਘ
ਹੈਂਡ ਗ੍ਰੰਥੀ, ਗੁ: ਗੁਰਦਰਸ਼ਨ ਪ੍ਰਕਾਸ਼
ਹੈਂਡ ਕੁਆਰਟਰ ਦਮਦਮੀ ਟਕਸਾਲ ਜਥਾ ਭਿੰਡਰਾਂ, ਮਹਿਤਾ
ਇੰਗਲੈਂਡ ਦੀ ਧਰਤੀ ਗੁਰਮਤਿ ਦੇ ਪ੍ਰਚਾਰ-ਪ੍ਰਸਾਰ ਲਈ
ਹੋਏ ਰਵਾਨਾ
ਗੁਰਮਤਿ ਦਾ ਪ੍ਰਚਾਰ
ਸਭ ਦਾ ਉਧਾਰ
ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫ਼ਤਹਿ ॥
ਆਵਾਜ਼ਿ ਕੌਮ AWAZE QAUM
International Newspaper & WEB TV

### ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਹਸਪਤਾਲ ਦੀ ਨਵੀਂ ਬਣਨ ਜਾ ਰਹੀ ਇਮਾਰਤ ਨੂੰ ਲੈ ਕੇ

# ਦੋ ਧਿਰਾਂ ਵਿੱਚ ਚੱਲ ਰਿਹਾ ਵਿਵਾਦ ਖਤਮ








**ਜਗਰਾਉਂ (ਵਰਿਆਮ ਹਠੂਰ)**-ਜਿਲ੍ਹਾ ਲੁਧਿਆਣਾ ਦੇ ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਦੇ ਯਤਨਾਂ ਸਦਕਾ ਪੰਜਾਬ ਸਰਕਾਰ ਵੱਲੋਂ ਨਵੀਂ ਡਿਸਪੈਂਸਰੀ ਹਸਪਤਾਲ ਬਣਾਉਣ ਦੀ ਸ਼ੁਰੂਆਤ ਹੋਣੀ ਸੀ। ਤੇ ਹਸਪਤਾਲ ਦੀ ਨਵੀਂ ਬਣਨ ਜਾ ਰਹੀ ਇਮਾਰਤ ਦੀ ਸ਼ੁਰੂਆਤ ਤੋਂ ਪਹਿਲਾਂ ਹੀ ਨਗਰ ਦੀਆਂ ਦੋ ਧਿਰਾਂ ਵਿਚਕਾਰ ਪਿਛਲੇ ਦਿਨਾਂ ਤੋਂ ਲੈਕੇ ਵਿਵਾਦ ਚੱਲ ਰਿਹਾ ਸੀ।ਤੇ ਦੋ ਧਿਰਾਂ ਆਪੋ ਆਪਣੀ ਜਿਦ ਤੇ ਅੜੀਆਂ ਹੋਈਆਂ ਸਨ।ਨਗਰ ਦੀ ਡਿਸਪੈਂਸਰੀ ਵਿਖੇ ਮੁੜ ਵੱਡੀ ਗਿਣਤੀ ਵਿੱਚ ਨਗਰ ਦੇ ਲੋਕ ਇਕੱਠੇ ਹੋਏ, ਥਾਣਾ ਹਠੂਰ ਤੋਂ ਥਾਣਾ ਮੁਖੀ ਗੁਰਸੇਵਕ ਸਿੰਘ ਵੀ ਪੁਲਿਸ ਪਾਰਟੀ ਸਮੇਤ ਪਹੁੰਚੇ, ਤੇ ਮਾਮਲੇ ਨੂੰ ਭਖਦੇ ਹੋਏ ਵੇਖਦਿਆਂ ਹਲਕਾ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਵਿਸ਼ੇਸ਼ ਤੌਰ ਤੇ ਪਹੁੰਚੇ ਤੇ ਜਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਸਹਿਰੀਨ ਕੌਰ ਖਾਲਸਾ, ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ, ਨਗਰ ਦੀ ਗਰਾਮ ਪੰਚਾਇਤ ਅਤੇ ਸਰਪੰਚ ਗੁਰਬਖ਼ਸ ਸਿੰਘ ਖੋਖਰ, ਅਕਾਲੀ ਆਗੂ ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਸਰਪੰਚ ਗੋਪਾਲ ਸਿੰਘ ਪਾਲੀ ਡੱਲਾ ਨੂੰ ਨਾਲ ਲੈਕੇ ਨਗਰ ਦੀਆਂ ਦੋਵਾਂ ਧਿਰਾਂ ਨਾਲ ਬੰਦ ਕਮਰਾ ਮੀਟਿੰਗ ਕੀਤੀ ਤੇ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਕਰਵਾਈ, ਤੇ ਦੋਵਾਂ ਧਿਰਾਂ ਦੀ ਸਹਿਮਤੀ ਤੋਂ ਬਾਅਦ ਚੱਲ ਰਿਹਾ ਵਿਵਾਦ ਖਤਮ ਹੋਇਆ, ਇਸ ਮੌਕੇ ਗੱਲਬਾਤ ਕਰਦਿਆਂ ਹਲਕਾ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਕਿਹਾ ਕਿ ਨਗਰ ਦੀਆਂ ਦੋ ਧਿਰਾਂ ਵਿੱਚ ਪਿਛਲੇ ਦਿਨਾਂ ਤੋਂ ਲੈਕੇ ਜੋ ਵਿਵਾਦ ਚੱਲ ਰਿਹਾ ਸੀ ਉਸ ਨੂੰ ਅੱਜ ਖਤਮ ਕਰਵਾ ਦਿੱਤਾ ਹੈ। ਚਾਰਦੁਆਰੀ ਅੰਦਰ ਹੀ ਇੱਕ ਸਾਇਡ ਨਗਰ ਦੇ ਨੌਜਵਾਨ ਜੋ ਬਾਲੀਵਾਲ ਖੇਡਦੇ ਸਨ। ਤੇ ਮੰਗ ਅਨੁਸਾਰ ਉਨ੍ਹਾਂ ਨੂੰ ਬਾਲੀਵਾਲ ਖੇਡਣ ਲਈ ਇੱਕ ਸਾਇਡ ਜਗ੍ਹਾ ਦਾ ਹੱਲ ਕਰਵਾ ਦਿੱਤਾ ਹੈ। ਤੇ ਪੁਰਾਣੀ ਇਮਾਰਤ ਨੂੰ ਢਾਹ ਦਿੱਤਾ ਜਾਵੇਗਾ, ਤੇ ਨਵੀਂ ਇਮਾਰਤ ਪਾਸ ਹੋਈ ਥਾਂ ਤੇ ਬਣੇਗੀ। ਅਸੀਂ ਚਾਹੁੰਦੇ ਹਾਂ ਕਿ ਨਗਰ ਦੇ ਲੋਕ ਆਪਸੀ ਪਿਆਰ ਭਾਵਨਾ ਨਾਲ ਰਹਿਣ ਤੇ ਕਿਸੇ ਵੀ ਕਿਸਮ ਦਾ ਲੜਾਈ ਝਗੜਾ ਨਾ ਹੋਵੇ, ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਤੋਂ ਬਾਅਦ ਵੱਡੀ ਗਿਣਤੀ ਵਿੱਚ ਨਗਰ ਦੇ ਲੋਕਾਂ ਦੀ ਹਾਜਰੀ ਵਿੱਚ ਹਲਕਾ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ, ਜਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਸਹਿਰੀਨ ਕੌਰ ਖਾਲਸਾ, ਅਤੇ ਸਰਪੰਚ ਗੁਰਬਖਸ਼ ਸਿੰਘ ਖੋਖਰ ਨੇ ਟੱਕ ਲਗਾ ਕੇ ਹਸਪਤਾਲ ਦੀ ਨਵੀਂ ਬਣਨ ਜਾ ਰਹੀ ਇਮਾਰਤ ਦੀ ਦੀ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਸ਼ੁਰੂਆਤ ਕਰਵਾਈ, ਤੇ ਪੁਰਾਣੀ ਇਮਾਰਤ ਨੂੰ ਢਾਹੁਣ ਲਈ ਵੀ ਸ਼ੁਰੂਆਤ ਕਰਵਾਈ, ਨਗਰ ਦੀ ਗ੍ਰਾਮ ਪੰਚਾਇਤ ਨੇ ਵੀ ਮਾਮਲੇ ਨੂੰ ਠੰਡਾ ਕਰਵਾਉਣ ਲਈ ਆਪਣਾ ਅਹਿਮ ਰੋਲ ਅਦਾ ਕੀਤਾ, ਨਗਰ ਦੇ ਲੋਕਾਂ ਨੇ ਐੱਮ ਐੱਲ ਏ ਬੀਬੀ ਮਾਣੂੰਕੇ ਦਾ ਧੰਨਵਾਦ ਕੀਤਾ, ਇਸ ਮੌਕੇ ਗੱਲਬਾਤ ਕਰਦਿਆਂ ਜਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਸ਼ਹਿਰੀਨ ਕੌਰ ਖਾਲਸਾ, ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ, ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਅਤੇ ਸਰਪੰਚ ਗੁਰਬਖ਼ਸ ਸਿੰਘ ਖੋਖਰ ਨੇ ਕਿਹਾ ਕਿ ਬਹੁਤ ਖੁਸ਼ੀ ਦੀ ਗੱਲ ਹੈ। ਕਿ ਦੋਵਾਂ ਧਿਰਾਂ ਵਿਚਕਾਰ ਆਪਸੀ ਸਹਿਮਤੀ ਹੋਈ ਹੈ। ਤੇ ਸ਼ਾਂਤੀ ਵਾਲਾ ਮਹੌਲ ਬਣਿਆ ਹੈ। ਸਾਰੇ ਇਕੱਤਰ ਹੋਏ ਨਗਰ ਨਿਵਾਸੀਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ, ਇਸ ਮੌਕੇ ਜਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਸਹਿਰੀਨ ਕੌਰ ਖਾਲਸਾ, ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ, ਅਕਾਲੀ ਆਗੂ ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਸਰਪੰਚ ਗੋਪਾਲ ਸਿੰਘ ਪਾਲੀ ਡੱਲਾ, ਸਰਪੰਚ ਗੁਰਬਖਸ਼ ਸਿੰਘ ਖੋਖਰ ਰਸੂਲਪੁਰ, ਪਰਬਜੀਤ ਸਿੰਘ ਪਰਬੀ, ਪੰਚ ਛਿੰਦਰ ਕੌਰ, ਹਰਜੀਤ ਕੌਰ ਪੰਚ, ਲਖਵੀਰ ਸਿੰਘ, ਅਮਰੀਕ ਸਿੰਘ ਰਸੂਲਪੁਰ, ਕੀਪਾ ਫੋਟੋਗ੍ਰਾਫਰ ਸਾਹਿਲ ਸਟੂਡੀਓ, ਕੁਲਤਾਰਨ ਸਿੰਘ ਰਸੂਲਪੁਰ, ਪ੍ਰਧਾਨ ਜੋਰਾ ਸਿੰਘ ਰਸੂਲਪੁਰ, ਤੇਜਪਾਲ ਸਿੰਘ ਤੇਜੀ, ਸਮੇਤ ਵੱਡੀ ਗਿਣਤੀ ਵਿੱਚ ਨਗਰ ਨਿਵਾਸੀ ਹਾਜਰ ਸਨ।

**ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਦੋਵਾਂ ਧਿਰਾਂ ਵਿਚਕਾਰ ਕਰਵਾਈ ਸਹਿਮਤੀ**

ਆਵਾਜ਼ਿ ਕੌਮ AWAZE QAUM International Newspaper & WEB TV

### ਬੇਬੇ ਨਾਨਕੀ ਯੂਨੀਵਰਸਿਟੀ ਕਾਲਜ ਮਿੱਠੜਾ ਨੇ

# ਜ਼ੋਨਲ ਯੂਥ ਫੈਸਟੀਵਲ 2026 'ਚ ਮਾਰੀਆਂ ਮੱਲਾਂ

**ਕਪੂਰਥਲਾ,18 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਸਿੱਧੇ ਪ੍ਰਬੰਧਾਂ ਅਧੀਨ, ਮਾਨਯੋਗ ਉਪ-ਕੁਲਪਤੀ ਪ੍ਰੋ. ਡਾ. ਕਰਮਜੀਤ ਸਿੰਘ ਦੀ ਯੋਗ ਰਹਿਨੁਮਾਈ ਅਤੇ ਡੀਨ ਕਾਲਜ ਡਿਵੈਲਪਮੈਂਟ ਕੌਂਸਲ ਪ੍ਰੋ. ਡਾ. ਸਰੋਜ ਅਰੋੜਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚੱਲ ਰਹੇ ਬੇਬੇ ਨਾਨਕੀ ਯੂਨੀਵਰਸਿਟੀ ਕਾਲਜ, ਮਿੱਠੜਾ ਨੇ ਇੱਕ ਵਾਰ ਫਿਰ ਆਪਣੀ ਸੱਭਿਆਚਾਰਕ ਸਰਗਰਮੀ ਦਾ ਲੋਹਾ ਮਨਵਾਇਆ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਕਰਵਾਏ ਗਏ ਜ਼ੋਨਲ ਯੂਥ ਫੈਸਟੀਵਲ 2026 ਦੇ 'ਬੀ ਜ਼ੋਨ' ਮੁਕਾਬਲਿਆਂ ਵਿੱਚ ਪ੍ਰਿੰਸੀਪਲ ਡਾ. ਜਗਸੀਰ ਸਿੰਘ ਬਰਾੜ ਦੇ ਸੁਚੱਜੇ ਮਾਰਗ-ਦਰਸ਼ਨ ਅਤੇ ਕਾਲਜ ਦੇ ਅਧਿਆਪਕ ਸਾਹਿਬਾਨ ਦੀ ਨਿਗਰਾਨੀ ਹੇਠ, ਵਿਦਿਆਰਥੀਆਂ ਨੇ ਵੱਖ-ਵੱਖ ਵੰਨਗੀਆਂ ਵਿੱਚ ਆਪਣੀ ਪ੍ਰਤਿਭਾ ਦਾ ਮੁਜ਼ਾਹਰਾ ਕੀਤਾ। ਕਾਲਜ ਨੇ ਲੁੱਡੀ, ਸਕਿੱਟ, ਮੁਹਾਵਰੇਦਾਰ ਵਾਰਤਾਲਾਪ ਅਤੇ ਮੌਕੇ ਦੀ ਫੋਟੋਗ੍ਰਾਫੀ ਵਿੱਚ ਪਹਿਲਾ ਸਥਾਨ, ਨਾਟਕ, ਗਿੱਧਾ, ਭੰਗੜਾ, ਮਹਿੰਦੀ, ਪੀੜ੍ਹੀ ਬੁਣਨ, ਪੱਖੀ ਬੁਣਨ ਅਤੇ ਟੋਕਰੀ ਬੁਣਨ ਵਿੱਚ ਦੂਜਾ ਸਥਾਨ ਅਤੇ ਪਹਿਰਾਵਾ ਪ੍ਰਦਰਸ਼ਨੀ, ਛਿੱਕੂ ਬੁਣਨ, ਕਲੇਅ ਮਾਡਲਿੰਗ, ਕਲਾਜ ਮੇਕਿੰਗ ਅਤੇ ਪੰਜਾਬੀ ਭਾਸ਼ਣ ਮੁਕਾਬਲੇ ਵਿੱਚ ਤੀਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਕਾਲਜ ਦੀ ਹੋਣਹਾਰ ਵਿਦਿਆਰਥਣ ਮਾਨਵਪ੍ਰੀਤ ਕੌਰ ਨੂੰ ਗਿੱਧਾ ਵਿੱਚ ਬੈਸਟ ਪਰਫਾਰਮਰ ਦੇ ਵਿਸ਼ੇਸ਼ ਖਿਤਾਬ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਆਪਣੇ ਸੰਦੇਸ਼ ਵਿੱਚ ਪ੍ਰਿੰਸੀਪਲ ਡਾ. ਜਗਸੀਰ ਸਿੰਘ ਬਰਾੜ ਨੇ ਕਿਹਾ ਕਿ ਇਹ ਜਿੱਤ ਸਾਡੇ ਪੇਂਡੂ ਖੇਤਰ ਦੇ ਵਿਦਿਆਰਥੀਆਂ ਦੀ ਸਿੱਖਣ ਦੀ ਅਦੁੱਤੀ ਲਲਕ, ਜਜ਼ਬੇ ਅਤੇ ਅਣਥੱਕ ਮਿਹਨਤ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਸਾਡੇ ਕੋਲ ਜ਼ਿਆਦਾਤਰ ਵਿਦਿਆਰਥੀ ਪੇਂਡੂ ਪਿਛੋਕੜ ਤੋਂ ਆਉਂਦੇ ਹਨ, ਜਿਨ੍ਹਾਂ ਕੋਲ ਸਾਧਨ ਭਾਵੇਂ ਸੀਮਿਤ ਹਨ, ਪਰ ਹੌਸਲੇ ਅਸਮਾਨੀ ਹਨ। ਇਨ੍ਹਾਂ ਵਿਦਿਆਰਥੀਆਂ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਜੇਕਰ ਸਹੀ ਮੰਚ ਅਤੇ ਸਹੀ ਸੇਧ ਮਿਲ ਜਾਵੇ ਤਾਂ ਛੋਟੇ ਜਿਹੇ ਪੇਂਡੂ ਖਿੱਤੇ ਦੀ ਪ੍ਰਤਿਭਾ ਵੀ ਵੱਡੇ ਤੋਂ ਵੱਡੇ ਮੰਚ ਤੇ ਆਪਣਾ ਲੋਹਾ ਮਨਵਾ ਸਕਦੀ ਹੈ। ਉਨ੍ਹਾਂ ਨੇ ਕਿਹਾ ਕਿ ਬੇਬੇ ਨਾਨਕੀ ਕਾਲਜ ਦਾ ਮੁੱਖ ਮੰਤਵ ਸਿਰਫ ਕਿਤਾਬੀ ਗਿਆਨ ਅਤੇ ਡਿਗਰੀਆਂ ਦੇਣ ਤੱਕ ਹੀ ਸੀਮਿਤ ਨਹੀਂ ਹੈ, ਸਗੋਂ ਵਿਦਿਆਰਥੀਆਂ ਦੇ ਅੰਦਰ ਛੁਪੀ ਹੋਈ ਕਲਾ ਨੂੰ ਤਲਾਸ਼ ਕੇ ਉਨ੍ਹਾਂ ਨੂੰ ਇੱਕ ਸਾਰਥਕ ਮੰਚ ਪ੍ਰਦਾਨ ਕਰਨਾ ਹੈ। ਇਸ ਸ਼ਾਨਦਾਰ ਪ੍ਰਾਪਤੀ ਤੇ ਕਾਲਜ ਦੇ ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਵੱਲੋਂ ਯੂਥ ਫੈਸਟੀਵਲ ਵਿੱਚ ਭਾਗ ਲੈਣ ਵਾਲੇ ਅਤੇ ਜੇਤੂ ਰਹੇ ਸਾਰੇ ਵਿਦਿਆਰਥੀਆਂ ਨੂੰ ਵਧਾਈਆਂ ਦਿੰਦੇ ਹੋਏ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।



# ਅਮਿਤ ਸ਼ਾਹ ਨੂੰ ਨਸੀਹਤਾਂ ਦੇਣ ਤੋਂ ਪਹਿਲਾਂ 'ਆਪ' ਪੰਜਾਬ ਦੇ ਨਸ਼ਾ ਸੰਕਟ ਦਾ ਜਵਾਬ ਦੇਵੇ: ਪ੍ਰੋ. ਸਰਚਾਂਦ ਸਿੰਘ ਖਿਆਲਾ

### ਨਸ਼ਿਆਂ ਬਾਰੇ 'ਆਪ' ਸਰਕਾਰ 'ਤੇ ਸਵਾਲਾਂ ਦੀ ਬੁਛਾੜ; ਨਸ਼ਾ ਤਸਕਰਾਂ ਨੂੰ ਨੱਥ ਪਾਉਣ ਅਤੇ ਨਸ਼ਾ ਵਿਰੋਧ ਆਵਾਜ਼ਾਂ ਦੀ ਰਾਖੀ ਵਿੱਚ ਸਰਕਾਰ ਬੁਰੀ ਤਰ੍ਹਾਂ ਨਾਕਾਮ



ਅੰਮ੍ਰਿਤਸਰ, 18 ਅਕਤੂਬਰ: ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ 20 ਅਕਤੂਬਰ ਦੇ ਪ੍ਰਸਤਾਵਿਤ ਪੰਜਾਬ ਦੌਰੇ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਆਗੂਆਂ ਵਿੱਚ ਡੂੰਘੀ ਬੁਖਲਾਹਟ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਕਹਿਰ ਜਾਰੀ ਹੈ, ਨਸ਼ਾ ਵਿਰੋਧੀ ਆਵਾਜ਼ਾਂ ਉਠਾਉਣ ਵਾਲਿਆਂ ਦੀਆਂ ਜਾਨਾਂ ਜਾ ਰਹੀਆਂ ਹਨ ਅਤੇ ਤਸਕਰਾਂ ਦੇ ਹੌਸਲੇ ਬੁਲੰਦ ਹਨ, ਪਰ 'ਆਪ' ਸਰਕਾਰ ਆਪਣੀ ਜਵਾਬਦੇਹੀ ਨਿਭਾਉਣ ਦੀ ਬਜਾਏ ਕੇਂਦਰੀ ਗ੍ਰਹਿ ਮੰਤਰੀ ਤੋਂ ਹਿਸਾਬ ਮੰਗ ਰਹੀ ਹੈ। ਉਨ੍ਹਾਂ ਕਿਹਾ ਕਿ ਕਾਨੂੰਨ-ਵਿਵਸਥਾ ਅਤੇ ਨਸ਼ਾ ਤਸਕਰੀ 'ਤੇ ਕਾਬੂ ਪਾਉਣ ਦੀ ਮੁੱਢਲੀ ਜ਼ਿੰਮੇਵਾਰੀ ਸੂਬਾ ਸਰਕਾਰ ਦੀ ਹੈ।

ਉਨ੍ਹਾਂ ਸਵਾਲ ਕੀਤਾ ਕਿ ਜਦੋਂ ਪੰਜਾਬ ਵਿੱਚ ਨਸ਼ਿਆਂ ਬਾਰੇ ਜਵਾਬਦੇਹੀ ਸੂਬਾ ਸਰਕਾਰ ਦੀ ਹੈ, ਤਾਂ ਅਮਿਤ ਸ਼ਾਹ ਤੋਂ ਹਿਸਾਬ ਮੰਗਣ ਵਾਲੇ ਭਗਵੰਤ ਮਾਨ ਆਪਣੀ ਸਰਕਾਰ ਦੀ ਕਾਰਗੁਜ਼ਾਰੀ ਦਾ ਜਵਾਬ ਕਿਉਂ ਨਹੀਂ ਦਿੰਦੇ? ਇਹ ਤਾਂ 'ਉਲਟਾ ਚੋਰ ਕੋਤਵਾਲ ਕੋ ਡਾਂਟੇ' ਵਾਲੀ ਗੱਲ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਮਾਨਸਾ ਵਿੱਚ ਪਰਵਿੰਦਰ ਸਿੰਘ ਝੋਟਾ ਅਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਪਿੰਡ ਮੜੀ ਪੰਨਵਾਂ ਵਿੱਚ ਬਿਕਰਮਜੀਤ ਸਿੰਘ ਦੀਆਂ ਮੌਤਾਂ ਨੇ ਨਸ਼ਾ ਵਿਰੋਧੀ ਕਾਰਕੁਨਾਂ ਦੀ ਸੁਰੱਖਿਆ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਬਾਰੇ ਸਵਾਲ ਉਠਾਉਣ ਵਾਲੇ ਮੋਹਨਜੀਤ ਸਿੰਘ ਸੇਰੋਂ ਨਾਲ ਪੁਲਿਸ ਤਸ਼ੱਦਦ ਅਤੇ ਆਪਣੇ ਪੁੱਤਰ ਦੇ ਨਸ਼ਿਆਂ ਵਿੱਚ ਫਸਣ ਬਾਰੇ ਸਵਾਲ ਕਰਨ ਵਾਲੇ ਮਜ਼ਦੂਰ ਗੁਲਜ਼ਾਰ ਸਿੰਘ ਦੀ ਖ਼ੁਦਕੁਸ਼ੀ 'ਤੇ ਵੀ ਸਰਕਾਰ ਜਵਾਬ ਦੇਵੇ। ਕੀ ਪੰਜਾਬ ਵਿੱਚ ਕਾਨੂੰਨ ਦਾ ਰਾਜ ਹੈ ਜਾਂ ਨਸ਼ਾ ਤਸਕਰਾਂ ਦਾ ਡਰ? ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਕੌਣ ਯਕੀਨੀ ਬਣਾਏਗਾ?

ਉਨ੍ਹਾਂ ਕਿਹਾ ਕਿ ਕੇਜਰੀਵਾਲ ਵੱਲੋਂ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦੀ ਦਿੱਤੀ ਗਈ ਗਾਰੰਟੀ ਦੇ ਬਾਵਜੂਦ ਸਪਲਾਈ ਚੇਨ ਅਤੇ ਵੰਡ ਨੈੱਟਵਰਕ ਕਿਉਂ ਨਹੀਂ ਟੁੱਟਿਆ? ਪੰਜਾਬ ਵਿਧਾਨ ਸਭਾ ਦੇ ਸਪੀਕਰ ਵੱਲੋਂ ਗਾਰੰਟੀ ਪੂਰੀ ਨਾ ਹੋਣ ਦੀ ਗੱਲ ਕਹੇ ਜਾਣ ਮਗਰੋਂ ਸਰਕਾਰ ਕੋਲ ਕੀ ਜਵਾਬ ਹੈ? ਨਸ਼ਿਆਂ ਦੀ ਮੰਗ ਘਟਾਉਣ ਅਤੇ ਨਸ਼ਾ-ਪੀੜਤਾਂ ਦੇ ਮੁੜ-ਵਸੇਬੇ ਲਈ ਕੀ ਠੋਸ ਨਤੀਜੇ ਸਾਹਮਣੇ ਆਏ ਹਨ?

ਉਨ੍ਹਾਂ ਮੁੱਖ ਮੰਤਰੀ ਤੋਂ ਪੁੱਛਿਆ ਕਿ 90 ਹਜ਼ਾਰ ਤੋਂ ਵੱਧ ਗ੍ਰਿਫ਼ਤਾਰੀਆਂ ਦੇ ਦਾਅਵਿਆਂ ਦੇ ਬਾਵਜੂਦ ਨਸ਼ਿਆਂ ਦੀ ਉਪਲਬਧਤਾ ਕਿਉਂ ਨਹੀਂ ਘਟੀ? ਸਰਕਾਰ ਦੱਸੇ ਕਿ ਵੱਡੇ ਤਸਕਰਾਂ ਦੇ ਨੈੱਟਵਰਕ ਕਿੰਨੇ ਤੋੜੇ ਗਏ ਅਤੇ ਨਸ਼ਿਆਂ ਦੀ ਸਪਲਾਈ ਵਿੱਚ ਕਿੰਨੀ ਕਮੀ ਆਈ। ਭਾਜਪਾ-ਸ਼ਾਸਿਤ ਸੂਬਿਆਂ ਵਿੱਚ ਨਸ਼ਾ ਫੜੇ ਜਾਣ 'ਤੇ ਸਿਆਸਤ ਕਰਨ ਵਾਲੀ 'ਆਪ' ਪੰਜਾਬ ਵਿੱਚ ਨਸ਼ਾ ਫੜੇ ਜਾਣ ਨੂੰ ਆਪਣੀ ਕਾਮਯਾਬੀ ਕਿਵੇਂ ਦੱਸ ਸਕਦੀ ਹੈ? ਗ੍ਰਿਫ਼ਤਾਰੀਆਂ ਦੀ ਗਿਣਤੀ ਨਸ਼ਾ ਮੁਕਤੀ ਦਾ ਸਬੂਤ ਨਹੀਂ।

ਐਨਡੀਪੀਐਸ ਕਾਨੂੰਨ ਦੀਆਂ ਖਾਮੀਆਂ ਦਾ ਹਵਾਲਾ ਦੇਣ 'ਤੇ ਸਵਾਲ ਉਠਾਉਂਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਜੇ ਨਸ਼ਾ ਤਸਕਰ ਜ਼ਮਾਨਤ ਹਾਸਲ ਕਰ ਰਹੇ ਹਨ ਜਾਂ ਅਦਾਲਤਾਂ ਵਿੱਚ ਬਰੀ ਹੋ ਰਹੇ ਹਨ, ਤਾਂ ਪੁਲਿਸ ਦੀ ਜਾਂਚ, ਸਬੂਤ ਇਕੱਠੇ ਕਰਨ ਅਤੇ ਕੇਸ ਸਾਬਤ ਕਰਨ ਦੀ ਜ਼ਿੰਮੇਵਾਰੀ ਕੌਣ ਲਵੇਗਾ? ਸਰਕਾਰ ਕਾਨੂੰਨ ਦੀਆਂ ਖਾਮੀਆਂ ਦਾ ਹਵਾਲਾ ਦੇਣ ਦੀ ਬਜਾਏ ਉਸ ਦੀ ਪ੍ਰਭਾਵਸ਼ਾਲੀ ਪਾਲਣਾ ਅਤੇ ਜਾਂਚ ਦੀ ਗੁਣਵੱਤਾ ਯਕੀਨੀ ਬਣਾਉਣ ਵਲ ਧਿਆਨ ਕਿਉਂ ਨਹੀਂ ਦੇ ਰਹੀ ਜਿਸ ਕਰਕੇ ਮਾਨਯੋਗ ਹਾਈ ਕੋਰਟ ਕਈ ਵਾਰ ਫਟਕਾਰ ਦੇ ਚੁੱਕੀ ਹੈ।

ਉਨ੍ਹਾਂ ਗੈਂਗਸਟਰਾਂ ਨਾਲ ਕਥਿਤ ਸਿਆਸੀ ਸਬੰਧਾਂ ਅਤੇ ਜੇਲ੍ਹਾਂ ਵਿੱਚੋਂ ਚੱਲਦੇ ਨੈੱਟਵਰਕਾਂ ਦੀ ਨਿਰਪੱਖ ਜਾਂਚ ਦੀ ਮੰਗ ਕਰਦਿਆਂ ਕਿਹਾ ਕਿ ਗੈਂਗਸਟਰ ਗੁਰਪ੍ਰੀਤ ਸੇਖੋਂ ਨੂੰ 'ਆਪ' ਵਿੱਚ ਸ਼ਾਮਲ ਕਰਨ ਅਤੇ ਜੀਰਾ ਹਲਕੇ ਦਾ ਇੰਚਾਰਜ ਬਣਾਉਣ ਸਬੰਧੀ ਉੱਠੇ ਸਵਾਲਾਂ ਦਾ ਸਰਕਾਰ ਜਵਾਬ ਦੇਵੇ। ਕੇਜਰੀਵਾਲ ਤੇ ਮਨੀਸ਼ ਸ਼ਿਸੋਦੀਆ ਵੱਲੋਂ ਸਾਬਰਮਤੀ ਜੇਲ੍ਹ ਦਾ ਹਵਾਲੇ ਦੇਣ 'ਤੇ ਪਲਟਵਾਰ ਕਰਦਿਆਂ ਕਿਹਾ ਕਿ ਲਾਰੈਂਸ ਬਿਸ਼ਨੋਈ ਦੀਆਂ ਇੰਟਰਵਿਊਆਂ ਨਾਲ ਜੁੜੇ ਪੰਜਾਬ ਪੁਲਿਸ ਅਤੇ ਜੇਲ੍ਹ ਪ੍ਰਬੰਧ ਦੇ ਵਿਵਾਦ ਵਿੱਚ ਜਵਾਬਦੇਹੀ ਕਿਉਂ ਨਹੀਂ ਤੈਅ ਹੋਈ? ਨਸ਼ਾ ਤਸਕਰੀ ਅਤੇ ਗੈਂਗਸਟਰਵਾਦ ਦੇ ਪਿੱਛੇ ਮੌਜੂਦ ਨੈੱਟਵਰਕਾਂ ਅਤੇ ਉਨ੍ਹਾਂ ਨੂੰ ਮਿਲਣ ਵਾਲੀ ਕਥਿਤ ਸਿਆਸੀ ਜਾਂ ਪ੍ਰਸ਼ਾਸਕੀ ਸਰਪ੍ਰਸਤੀ ਦੀ ਜਾਂਚ ਕਦੋਂ ਹੋਵੇਗੀ?

ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ ਅਤੇ ਕੇਂਦਰ ਸਰਕਾਰ ਦੀ ਨਸ਼ਾ ਮੁਕਤੀ ਦੀ ਲੜਾਈ ਸਿਰਫ਼ ਨਸ਼ਿਆਂ ਵਿਰੁੱਧ ਨਹੀਂ, ਸਗੋਂ ਡਰੱਗ ਮਨੀ ਦੇ ਪੂਰੇ ਨੈੱਟਵਰਕ ਵਿਰੁੱਧ ਵੀ ਹੈ। ਅਮਿਤ ਸ਼ਾਹ ਵੱਲੋਂ 31 ਦਸੰਬਰ 2029 ਤੱਕ ਦੇਸ਼ ਨੂੰ ਨਸ਼ਾ ਮੁਕਤ ਕਰਨ ਦਾ ਟੀਚਾ ਰੱਖਿਆ ਗਿਆ ਹੈ। ਨਸ਼ਿਆਂ ਦੀ ਕਮਾਈ ਸੰਗਠਿਤ ਅਪਰਾਧ ਅਤੇ ਅੱਤਵਾਦੀ ਫੰਡਿੰਗ ਦਾ ਸਾਧਨ ਬਣਦੀ ਹੈ ਅਤੇ ਅਰਾਜਕਤਾ ਫੈਲਾਉਣ ਤੇ ਜਾਸੂਸੀ ਵਰਗੀਆਂ ਗਤੀਵਿਧੀਆਂ ਨਾਲ ਵੀ ਜੁੜ ਰਹੀ ਹੈ। ਉਨ੍ਹਾਂ ਪੁੱਛਿਆ ਕਿ ਪੰਜਾਬ ਸਰਕਾਰ ਨਸ਼ਿਆਂ ਦੀ ਕਮਾਈ, ਮਨੀ ਲਾਂਡਰਿੰਗ ਅਤੇ ਤਸਕਰੀ ਦੇ ਵਿੱਤੀ ਨੈੱਟਵਰਕ ਨੂੰ ਤੋੜਨ ਲਈ ਕੀ ਨਤੀਜਾ-ਮੁਖੀ ਕਾਰਵਾਈ ਕਰ ਰਹੀ ਹੈ?

ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤੀ ਦੇ ਨਾਅਰਿਆਂ ਅਤੇ ਇਸ਼ਤਿਹਾਰਾਂ ਦੀ ਨਹੀਂ, ਸਗੋਂ ਸਪਲਾਈ ਚੇਨ ਤੋੜਨ, ਵੱਡੇ ਤਸਕਰਾਂ ਨੂੰ ਸਜ਼ਾ ਦਿਵਾਉਣ ਅਤੇ ਨਸ਼ਾ ਵਿਰੋਧੀ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਲੋੜ ਹੈ। ਅਮਿਤ ਸ਼ਾਹ ਤੋਂ ਸਵਾਲ ਪੁੱਛਣ ਤੋਂ ਪਹਿਲਾਂ ਭਗਵੰਤ ਮਾਨ ਅਤੇ 'ਆਪ' ਆਪਣੀ ਸਰਕਾਰ ਦੀ ਕਾਰਗੁਜ਼ਾਰੀ ਦਾ ਹਿਸਾਬ ਪੰਜਾਬ ਨੰ ਦੇਣ।

# ਕਾਲਕਾ-ਕਾਹਲੋਂ ਪਹਿਲਾਂ ਦਿੱਲੀ ਕਮੇਟੀ ਦੀਆਂ ਚੋਣਾਂ ਕਰਵਾਉਣ, ਫਿਰ ਸ਼੍ਰੋਮਣੀ ਕਮੇਟੀ ਦੀ ਗੱਲ ਕਰਨ: ਸੰਤ ਮੀਤ ਸਿੰਘ



ਨਵੀਂ ਦਿੱਲੀ, 17 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਵੱਲੋਂ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਜਲਦ ਕਰਵਾਉਣ ਲਈ ਕੇਂਦਰ ਸਰਕਾਰ 'ਤੇ ਦਬਾਅ ਬਣਾਉਣ ਦੇ ਬਿਆਨ 'ਤੇ ਸਰਦਾਰ ਸੰਤ ਮੀਤ ਸਿੰਘ ਨੇ ਤਿੱਖਾ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਦੂਜਿਆਂ ਦੇ ਘਰ ਦੀ ਚਿੰਤਾ ਕਰਨ ਤੋਂ ਪਹਿਲਾਂ ਕਾਲਕਾ-ਕਾਹਲੋਂ ਆਪਣੇ ਘਰ ਦਾ ਹਿਸਾਬ ਦੇਣ। ਉਨ੍ਹਾਂ ਕਿਹਾ ਕਿ ਦਿੱਲੀ ਕਮੇਟੀ ਦੀਆਂ ਚੋਣਾਂ ਲੰਮੇ ਸਮੇਂ ਤੋਂ ਨਾ ਕਰਵਾਏ ਜਾਣ ਦੇ ਬਾਵਜੂਦ ਅਹੁਦਿਆਂ 'ਤੇ ਬਣੇ ਰਹਿਣ ਵਾਲੇ ਆਗੂ ਜੇਕਰ ਹੁਣ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਦੀ ਦੁਹਾਈ ਦੇ ਰਹੇ ਹਨ ਤਾਂ ਇਹ ਸਿੱਖ ਸੰਗਤ ਨਾਲ ਵੱਡਾ ਵਿਰੋਧਾਭਾਸ ਹੈ। ਜੇਕਰ ਚੋਣਾਂ ਅਤੇ ਲੋਕਤੰਤਰ ਇੰਨੇ ਹੀ ਜ਼ਰੂਰੀ ਹਨ ਤਾਂ ਸਭ ਤੋਂ ਪਹਿਲਾਂ ਦਿੱਲੀ ਕਮੇਟੀ ਦੀਆਂ ਲਟਕੀਆਂ ਚੋਣਾਂ ਕਰਵਾਓ ਅਤੇ ਸੰਗਤ ਨੂੰ ਜਵਾਬ ਦਿਓ ਕਿ ਚੋਣਾਂ ਵਿੱਚ ਦੇਰੀ ਕਿਉਂ ਹੋ ਰਹੀ ਹੈ। ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਕਾਲਕਾ-ਕਾਹਲੋਂ ਪੰਜਾਬ ਦੇ ਮਸਲਿਆਂ 'ਤੇ ਬਿਆਨਬਾਜ਼ੀ ਕਰਨ ਦੀ ਬਜਾਏ ਬੰਦੀ ਸਿੰਘਾਂ, ਦਿੱਲੀ ਕਮੇਟੀ ਦੇ ਸਕੂਲਾਂ ਅਤੇ ਆਪਣੇ ਪ੍ਰਬੰਧ ਨਾਲ ਜੁੜੇ ਹੋਰ ਮਸਲਿਆਂ ਦਾ ਜਵਾਬ ਦੇਣ। ਉਨ੍ਹਾਂ ਤਿੱਖੇ ਲਹਿਜ਼ੇ ਵਿੱਚ ਕਿਹਾ, "ਦਿੱਲੀ ਕਮੇਟੀ ਦੀਆਂ ਚੋਣਾਂ ਤੋਂ ਭੱਜ ਕੇ ਸਿੱਖ ਕੌਮ ਨੂੰ ਲੋਕਤੰਤਰ ਦਾ ਪਾਠ ਪੜ੍ਹਾਉਣਾ ਦੋਗਲਾਪਣ ਤੋਂ ਵੱਧ ਕੁਝ ਨਹੀਂ। ਪਹਿਲਾਂ ਆਪਣੇ ਘਰ ਦੀ ਅੱਗ ਬੁਝਾਓ, ਫਿਰ ਦੂਜਿਆਂ ਦੇ ਘਰਾਂ ਦੀ ਚਿੰਤਾ ਕਰੋ।" ਉਨ੍ਹਾਂ ਕਿਹਾ ਕਿ ਸਿੱਖ ਸੰਸਥਾਵਾਂ ਦੀ ਮਜ਼ਬੂਤੀ ਬਿਆਨਾਂ ਨਾਲ ਨਹੀਂ, ਸਗੋਂ ਸਮੇਂ ਸਿਰ ਚੋਣਾਂ, ਪਾਰਦਰਸ਼ੀ ਪ੍ਰਬੰਧ ਅਤੇ ਸੰਗਤ ਪ੍ਰਤੀ ਜਵਾਬਦੇਹੀ ਨਾਲ ਹੁੰਦੀ ਹੈ। "ਪਹਿਲਾਂ ਦਿੱਲੀ ਦੀ ਸੰਗਤ ਨੂੰ ਹਿਸਾਬ ਦਿਓ, ਆਪਣੀਆਂ ਚੋਣਾਂ ਕਰਵਾਓ, ਫਿਰ ਪੰਜਾਬ ਅਤੇ ਸ਼੍ਰੋਮਣੀ ਕਮੇਟੀ ਦੀ ਚਿੰਤਾ ਕਰਿਓ," ਸੰਤ ਮੀਤ ਸਿੰਘ ਨੇ ਕਿਹਾ।

### ਯੂਕੇ 'ਚ ਸਿੱਖ ਹੱਕਾਂ ਦੀ ਰਾਖੀ ਲਈ 'ਦ ਸਿੱਖ ਵੋਟ' ਮੁਹਿੰਮ ਦਾ ਆਗਾਜ਼

# ਬ੍ਰਿਟਿਸ਼ ਸਰਕਾਰ ਅੱਗੇ ਰੱਖੀਆਂ ਵੱਡੀਆਂ ਮੰਗਾਂ

**☛ ਗੁਰਦੁਆਰਿਆਂ ਦੀ ਸੁਰੱਖਿਆ ਲਈ ਬਰਾਬਰ ਫੰਡ, ਸਿੱਖ ਵਿਰੋਧੀ ਨਫ਼ਰਤੀ ਅਪਰਾਧਾਂ ਦੀ ਵੱਖਰੀ ਪਛਾਣ ਅਤੇ ਸਕੂਲਾਂ 'ਚ ਸਿੱਖ ਇਤਿਹਾਸ ਪੜ੍ਹਾਉਣ ਦੀ ਮੰਗ ☛ ਜੱਗੀ ਜੌਹਲ ਦੀ ਰਿਹਾਈ, ਅਵਤਾਰ ਸਿੰਘ ਖੰਡਾ ਦੀ ਮੌਤ ਦੀ ਜਾਂਚ ਅਤੇ ਜੂਨ 1984 ਦੇ ਫ਼ੌਜੀ ਹਮਲੇ 'ਚ ਬਰਤਾਨੀਆ ਦੀ ਭੂਮਿਕਾ ਜਨਤਕ ਕਰਨ ਦਾ ਮੁੱਦਾ ਉਠਾਇਆ ☛ ਵਿਦੇਸ਼ੀ ਵਪਾਰਕ ਸਮਝੌਤਿਆਂ ਲਈ ਸਿੱਖਾਂ ਦੇ ਹੱਕਾਂ ਦੀ ਬਲੀ ਨਾ ਦੇਵੇ ਬ੍ਰਿਟਿਸ਼ ਸਰਕਾਰ : ਦ ਸਿੱਖ ਵੋਟ**




ਲੰਡਨ, 18 ਅਕਤੂਬਰ (ਸਰਬਜੀਤ ਸਿੰਘ ਬਨੂੜ) - ਬਰਤਾਨੀਆ ਵਿੱਚ ਸਿੱਖ ਭਾਈਚਾਰੇ ਵਿਰੁੱਧ ਵਧ ਰਹੇ ਨਫ਼ਰਤੀ ਅਪਰਾਧਾਂ, ਧਾਰਮਿਕ ਪੱਖਪਾਤ, ਵਿਦੇਸ਼ੀ ਦਖ਼ਲਅੰਦਾਜ਼ੀ ਅਤੇ ਸਿੱਖ ਪਛਾਣ ਨੂੰ ਦਰਪੇਸ਼ ਚੁਣੌਤੀਆਂ ਦੇ ਮੱਦੇਨਜ਼ਰ ਬ੍ਰਿਟਿਸ਼ ਸਿੱਖਾਂ ਦੇ ਹੱਕਾਂ ਦੀ ਰਾਖੀ ਲਈ 'ਦ ਸਿੱਖ ਵੋਟ' ਨਾਂ ਦੀ ਨਵੀਂ ਮੁਹਿੰਮ ਦਾ ਆਗਾਜ਼ ਕੀਤਾ ਗਿਆ ਹੈ। ਇਸ ਮੁਹਿੰਮ ਰਾਹੀਂ ਬ੍ਰਿਟਿਸ਼ ਸੰਸਦ ਅਤੇ ਚੁਣੇ ਹੋਏ ਸਿਆਸੀ ਨੁਮਾਇੰਦਿਆਂ ਨੂੰ ਸਿੱਖ ਭਾਈਚਾਰੇ ਨਾਲ ਸਬੰਧਤ ਮੁੱਦਿਆਂ 'ਤੇ ਜਵਾਬਦੇਹ ਬਣਾਉਣ ਦੇ ਨਾਲ-ਨਾਲ ਦੇਸ਼ ਭਰ ਦੇ ਸਿੱਖਾਂ ਨੂੰ ਇੱਕ ਸਾਂਝੇ ਮੰਚ 'ਤੇ ਇਕੱਠਾ ਕਰਨ ਦਾ ਟੀਚਾ ਮਿੱਥਿਆ ਗਿਆ ਹੈ। ਜਾਰੀ ਪ੍ਰੈੱਸ ਬਿਆਨ ਵਿੱਚ ਮੁਹਿੰਮ ਦੇ ਬੁਲਾਰੇ ਮਨਪ੍ਰੀਤ ਸਿੰਘ ਨੇ ਕਿਹਾ ਕਿ ਬ੍ਰਿਟਿਸ਼ ਸਮਾਜ, ਅਰਥਚਾਰੇ ਅਤੇ ਦੇਸ਼ ਦੇ ਵਿਕਾਸ ਵਿੱਚ ਸਿੱਖ ਭਾਈਚਾਰੇ ਦਾ ਕਈ ਪੀੜ੍ਹੀਆਂ ਤੋਂ ਅਹਿਮ ਯੋਗਦਾਨ ਰਿਹਾ ਹੈ, ਪਰ ਇਸ ਦੇ ਬਾਵਜੂਦ ਸਿੱਖਾਂ ਨੂੰ ਧਾਰਮਿਕ ਪਛਾਣ, ਸੁਰੱਖਿਆ ਅਤੇ ਬਰਾਬਰੀ ਦੇ ਅਧਿਕਾਰਾਂ ਸਬੰਧੀ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਸਿੱਖ ਭਾਈਚਾਰਾ ਆਪਣੀ ਵੋਟ ਦੀ ਤਾਕਤ ਰਾਹੀਂ ਸਿਆਸੀ ਪਾਰਟੀਆਂ ਅਤੇ ਸੰਸਦ ਮੈਂਬਰਾਂ ਤੋਂ ਠੋਸ ਜਵਾਬ ਮੰਗੇ। ਮੁਹਿੰਮ ਵੱਲੋਂ ਬ੍ਰਿਟਿਸ਼ ਸਰਕਾਰ ਦੀਆਂ ਧਾਰਮਿਕ ਅਸਥਾਨਾਂ ਦੀ ਸੁਰੱਖਿਆ ਸਬੰਧੀ ਫੰਡਿੰਗ ਨੀਤੀਆਂ 'ਤੇ ਵੀ ਗੰਭੀਰ ਸਵਾਲ ਉਠਾਏ ਗਏ ਹਨ। ਪ੍ਰੈੱਸ ਬਿਆਨ ਅਨੁਸਾਰ ਸਾਲ 2026 ਦੀ ਸ਼ੁਰੂਆਤ ਵਿੱਚ ਧਾਰਮਿਕ ਅਸਥਾਨਾਂ ਦੀ ਸੁਰੱਖਿਆ ਲਈ 73.4 ਮਿਲੀਅਨ ਪੌਂਡ ਦੀ ਰਕਮ ਰੱਖੀ ਗਈ ਸੀ, ਜਦਕਿ ਘੱਟਗਿਣਤੀ ਭਾਈਚਾਰਿਆਂ ਲਈ ਐਲਾਨੇ ਗਏ ਪੰਜ ਮਿਲੀਅਨ ਪੌਂਡ ਦੇ ਸਾਂਝੇ ਫੰਡ ਵਿੱਚ ਸਿੱਖਾਂ ਦਾ ਹਿੱਸਾ ਬਹੁਤ ਘੱਟ ਦੱਸਿਆ ਗਿਆ ਹੈ। ਮੁਹਿੰਮ ਨੇ ਮੰਗ ਕੀਤੀ ਕਿ ਗੁਰਦੁਆਰਾ ਸਾਹਿਬਾਨ ਦੀ ਸੁਰੱਖਿਆ ਲਈ ਵੀ ਬਰਾਬਰ ਅਤੇ ਢੁਕਵੀਂ ਵਿੱਤੀ ਸਹਾਇਤਾ ਯਕੀਨੀ ਬਣਾਈ ਜਾਵੇ। ਇਸ ਦੇ ਨਾਲ ਹੀ ਪੁਲਸ ਵੱਲੋਂ ਦਰਜ ਕੀਤੇ ਜਾਂਦੇ ਨਫ਼ਰਤੀ ਅਪਰਾਧਾਂ ਵਿੱਚ ਸਿੱਖ ਵਿਰੋਧੀ ਘਟਨਾਵਾਂ ਨੂੰ ਵੱਖਰੀ ਸ਼੍ਰੇਣੀ ਵਿੱਚ ਦਰਜ ਕਰਨ ਦੀ ਮੰਗ ਕੀਤੀ ਗਈ ਹੈ, ਤਾਂ ਜੋ ਸਿੱਖਾਂ ਵਿਰੁੱਧ ਹੋਣ ਵਾਲੇ ਅਪਰਾਧਾਂ ਦੀ ਅਸਲ ਗਿਣਤੀ ਸਾਹਮਣੇ ਆ ਸਕੇ ਅਤੇ ਉਨ੍ਹਾਂ ਦੀ ਰੋਕਥਾਮ ਲਈ ਪ੍ਰਭਾਵਸ਼ਾਲੀ ਨੀਤੀਆਂ ਬਣਾਈਆਂ ਜਾ ਸਕਣ। ਸਿੱਖ ਬੱਚਿਆਂ ਨੂੰ ਸਕੂਲਾਂ ਵਿੱਚ ਦਰਪੇਸ਼ ਧੱਕੇਸ਼ਾਹੀ ਅਤੇ ਧਾਰਮਿਕ ਪੱਖਪਾਤ ਦਾ ਮੁੱਦਾ ਚੁੱਕਦਿਆਂ ਮੁਹਿੰਮ ਨੇ ਮੰਗ ਕੀਤੀ ਕਿ ਰਾਸ਼ਟਰੀ ਪਾਠਕ੍ਰਮ ਵਿੱਚ ਸਿੱਖ ਧਰਮ, ਇਤਿਹਾਸ ਅਤੇ ਪਛਾਣ ਬਾਰੇ ਪੜ੍ਹਾਈ ਨੂੰ ਲਾਜ਼ਮੀ ਬਣਾਇਆ ਜਾਵੇ। ਇਸ ਤੋਂ ਇਲਾਵਾ ਰਾਸ਼ਟਰੀ ਗਰੂਮਿੰਗ ਜਾਂਚ ਵਿੱਚ ਸਿੱਖ ਭਾਈਚਾਰੇ ਨਾਲ ਸਬੰਧਤ ਮਾਮਲਿਆਂ ਨੂੰ ਵਿਸ਼ੇਸ਼ ਥਾਂ ਦੇਣ ਅਤੇ ਐੱਨ.ਐੱਚ.ਐੱਸ. ਦੇ ਸਟਾਫ਼ ਨੂੰ ਸਿੱਖ ਮਰੀਜ਼ਾਂ ਦੀਆਂ ਧਾਰਮਿਕ ਮਰਿਆਦਾਵਾਂ ਦਾ ਸਤਿਕਾਰ ਕਰਨ ਸਬੰਧੀ ਸਿਖਲਾਈ ਦੇਣ ਦੀ ਮੰਗ ਵੀ ਕੀਤੀ ਗਈ ਹੈ। ਮੁਹਿੰਮ ਨੇ ਬ੍ਰਿਟਿਸ਼ ਸਿੱਖਾਂ ਦੀ ਸੁਰੱਖਿਆ ਅਤੇ ਵਿਦੇਸ਼ੀ ਦਖ਼ਲਅੰਦਾਜ਼ੀ ਦਾ ਮੁੱਦਾ ਵੀ ਪ੍ਰਮੁੱਖਤਾ ਨਾਲ ਉਠਾਇਆ ਹੈ। ਪ੍ਰਬੰਧਕਾਂ ਨੇ ਕਿਹਾ ਕਿ ਬ੍ਰਿਟਿਸ਼ ਸਿੱਖਾਂ ਦੇ ਮਨੁੱਖੀ ਅਧਿਕਾਰਾਂ ਅਤੇ ਸੁਰੱਖਿਆ ਨੂੰ ਕਿਸੇ ਵੀ ਦੇਸ਼ ਨਾਲ ਹੋਣ ਵਾਲੇ ਵਪਾਰਕ ਸਮਝੌਤਿਆਂ ਦੇ ਬਦਲੇ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ। ਉਨ੍ਹਾਂ ਮੰਗ ਕੀਤੀ ਕਿ ਜੇਕਰ ਕੋਈ ਵਿਦੇਸ਼ੀ ਸਰਕਾਰ ਬਰਤਾਨੀਆ ਦੀ ਧਰਤੀ 'ਤੇ ਸਿੱਖਾਂ ਨੂੰ ਨਿਸ਼ਾਨਾ ਬਣਾਉਣ ਜਾਂ ਉਨ੍ਹਾਂ ਵਿਰੁੱਧ ਸਰਹੱਦ ਪਾਰ ਦਮਨ ਦੀਆਂ ਕਾਰਵਾਈਆਂ ਵਿੱਚ ਸ਼ਾਮਲ ਪਾਈ ਜਾਂਦੀ ਹੈ ਤਾਂ ਉਸ ਦੇਸ਼ ਨੂੰ ਮਿਲਣ ਵਾਲੇ ਵਪਾਰਕ ਲਾਭ ਤੁਰੰਤ ਰੋਕੇ ਜਾਣ। ਉਨ੍ਹਾਂ ਕਿਹਾ ਕਿ ਸਿੱਖਾਂ ਦੇ ਸਵੈ-ਨਿਰਣੇ ਦੇ ਅਧਿਕਾਰ ਦਾ ਮੁੱਦਾ ਉਠਾਉਂਦਿਆਂ 'ਪ੍ਰੋ-ਖ਼ਾਲਿਸਤਾਨੀ ਐਕਸਟ੍ਰੀਮਿਜ਼ਮ' ਵਰਗੇ ਲੇਬਲਾਂ ਦੀ ਵਰਤੋਂ 'ਤੇ ਵੀ ਇਤਰਾਜ਼ ਪ੍ਰਗਟਾਇਆ ਗਿਆ ਹੈ। ਮੁਹਿੰਮ ਅਨੁਸਾਰ ਅਜਿਹੇ ਲੇਬਲਾਂ ਕਾਰਨ ਸਿੱਖਾਂ ਦੇ ਸਿਆਸੀ ਵਿਚਾਰਾਂ ਅਤੇ ਜਮਹੂਰੀ ਅਧਿਕਾਰਾਂ ਨੂੰ ਗ਼ਲਤ ਢੰਗ ਨਾਲ ਪੇਸ਼ ਕੀਤੇ ਜਾਣ ਦਾ ਖ਼ਤਰਾ ਹੈ। ਇਸ ਦੇ ਨਾਲ ਹੀ ਬਰਤਾਨੀਆ ਦੇ ਸਰਹੱਦੀ ਨਾਕਿਆਂ ਅਤੇ ਹਵਾਈ ਅੱਡਿਆਂ 'ਤੇ ਸ਼ਿਡਊਲ 7 ਅਧੀਨ ਸਿੱਖ ਯਾਤਰੀਆਂ ਦੀਆਂ ਕਥਿਤ ਬੇਲੋੜੀਆਂ ਪੁੱਛਗਿੱਛਾਂ ਅਤੇ ਜਾਂਚਾਂ ਰੋਕਣ ਦੀ ਮੰਗ ਕੀਤੀ ਗਈ ਹੈ। ਮੁਹਿੰਮ ਨੇ ਭਾਰਤ ਵਿੱਚ ਨਜ਼ਰਬੰਦ ਬ੍ਰਿਟਿਸ਼ ਸਿੱਖ ਨਾਗਰਿਕ ਜਗਤਾਰ ਸਿੰਘ ਜੌਹਲ ਦੀ ਤੁਰੰਤ ਰਿਹਾਈ ਦਾ ਮੁੱਦਾ ਵੀ ਉਠਾਇਆ ਹੈ। ਇਸ ਦੇ ਨਾਲ ਹੀ ਬਰਤਾਨੀਆ ਵਿੱਚ ਭੇਤਭਰੇ ਹਾਲਾਤ ਵਿੱਚ ਹੋਈ ਸਿੱਖ ਕਾਰਕੁਨ ਅਵਤਾਰ ਸਿੰਘ ਖੰਡਾ ਦੀ ਮੌਤ ਦੀ ਉੱਚ ਪੱਧਰੀ ਜਾਂਚ ਅਤੇ ਗੁਰਪ੍ਰੀਤ ਸਿੰਘ 'ਤੇ ਲਾਈਆਂ ਗਈਆਂ ਪਾਬੰਦੀਆਂ ਹਟਾਉਣ ਦੀ ਮੰਗ ਕੀਤੀ ਗਈ ਹੈ। ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ 'ਤੇ ਹੋਏ ਭਾਰਤੀ ਫ਼ੌਜੀ ਹਮਲੇ ਵਿੱਚ ਬ੍ਰਿਟਿਸ਼ ਸਰਕਾਰ ਦੀ ਭੂਮਿਕਾ ਨੂੰ ਲੈ ਕੇ ਵੀ ਮੁਹਿੰਮ ਨੇ ਸਵਾਲ ਉਠਾਏ ਹਨ। ਪ੍ਰਬੰਧਕਾਂ ਨੇ ਮੰਗ ਕੀਤੀ ਕਿ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ ਅਤੇ ਬ੍ਰਿਟਿਸ਼ ਸਰਕਾਰ ਦੀ ਭੂਮਿਕਾ ਨਾਲ ਸਬੰਧਤ ਸਾਰੀ ਜਾਣਕਾਰੀ ਜਨਤਕ ਕੀਤੀ ਜਾਵੇ। ਸਿੱਖਾਂ ਦੀ ਧਾਰਮਿਕ ਆਜ਼ਾਦੀ ਨੂੰ ਲੈ ਕੇ ਮੁਹਿੰਮ ਨੇ ਕਿਰਪਾਨ ਸਮੇਤ ਸਿੱਖਾਂ ਦੇ ਪੰਜ ਕਕਾਰਾਂ ਨੂੰ ਬ੍ਰਿਟਿਸ਼ ਕਾਨੂੰਨ ਅਧੀਨ ਸਪਸ਼ਟ ਅਤੇ ਪੂਰੀ ਕਾਨੂੰਨੀ ਸੁਰੱਖਿਆ ਦੇਣ ਦੀ ਮੰਗ ਵੀ ਕੀਤੀ ਹੈ। ਇਸੇ ਦੌਰਾਨ ਸਿੱਖ ਭਾਈਚਾਰੇ ਦੀਆਂ ਸਮੱਸਿਆਵਾਂ ਅਤੇ ਤਜਰਬਿਆਂ ਨੂੰ ਇਕੱਠਾ ਕਰਨ ਲਈ 'ਵਾਇਸ ਆਫ਼ ਦ ਸਿੱਖ' ਨਾਂ ਦਾ ਸਰਵੇਖਣ ਵੀ ਸ਼ੁਰੂ ਕੀਤਾ ਗਿਆ ਹੈ। ਪ੍ਰਬੰਧਕਾਂ ਅਨੁਸਾਰ ਇਸ ਸਰਵੇਖਣ ਰਾਹੀਂ ਇਕੱਠੇ ਕੀਤੇ ਅੰਕੜਿਆਂ ਦੇ ਆਧਾਰ 'ਤੇ ਸਰਕਾਰ ਅਤੇ ਸਿਆਸੀ ਪਾਰਟੀਆਂ ਅੱਗੇ ਸਿੱਖ ਭਾਈਚਾਰੇ ਦੀਆਂ ਮੰਗਾਂ ਨੂੰ ਮਜ਼ਬੂਤੀ ਨਾਲ ਰੱਖਿਆ ਜਾਵੇਗਾ। ਸਰਵੇਖਣ ਵਿੱਚ ਹਿੱਸਾ ਲੈਣ ਵਾਲਿਆਂ ਦੀ ਨਿੱਜੀ ਪਛਾਣ ਜੀ.ਡੀ.ਪੀ.ਆਰ. ਨਿਯਮਾਂ ਅਨੁਸਾਰ ਗੁਪਤ ਰੱਖਣ ਦਾ ਭਰੋਸਾ ਵੀ ਦਿੱਤਾ ਗਿਆ ਹੈ। ਮੁਹਿੰਮ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਦੇਸ਼ ਭਰ ਦੇ ਗੁਰਦੁਆਰਾ ਸਾਹਿਬਾਨ ਦੇ ਸਹਿਯੋਗ ਨਾਲ ਕਮਿਊਨਿਟੀ ਫੋਰਮ ਕਰਵਾਏ ਜਾਣਗੇ ਅਤੇ ਮੁਹਿੰਮ ਦੇ ਉਦੇਸ਼ਾਂ ਬਾਰੇ ਜਾਣਕਾਰੀ ਦੇਣ ਲਈ ਪਰਚੇ ਵੰਡੇ ਜਾ ਰਹੇ ਹਨ। ਉਨ੍ਹਾਂ ਸਮੂਹ ਬ੍ਰਿਟਿਸ਼ ਸਿੱਖਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਆਵਾਜ਼ ਸਰਕਾਰ ਤੱਕ ਪਹੁੰਚਾਉਣ ਲਈ ਇਸ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਅਤੇ voice.sikhvote.co.uk ਰਾਹੀਂ ਸਰਵੇਖਣ ਵਿੱਚ ਹਿੱਸਾ ਲੈਣ।

### ਝੋਟਾ ਕਤਲਕਾਂਡ : ਇਨਸਾਫ਼ ਮਿਲਣ ਤੱਕ

# ਕਾਲੀਆਂ ਪੱਗਾਂ ਤੇ ਪਰਨੇ ਬੰਨ੍ਹ ਕੇ ਸੰਘਰਸ਼ ਜਾਰੀ ਰੱਖਾਂਗੇ: ਜਗਦੀਪ ਸਿੰਘ ਨੱਕਈ

**ਮਾਨਸਾ, 18 ਅਕਤੂਬਰ (ਆਵਾਜ਼ਿ ਕੌਮ ਬਿਊਰੋ)** — ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਨੌਜਵਾਨ ਪਰਵਿੰਦਰ ਸਿੰਘ ਝੋਟਾ ਦੀ ਮੌਤ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਪੰਜਾਬ ਦੀ ਸਿਆਸਤ ਗਰਮਾਈ ਹੋਈ ਹੈ। ਇਸੇ ਦੌਰਾਨ ਭਾਜਪਾ ਪੰਜਾਬ ਦੇ ਸੀਨੀਅਰ ਆਗੂ ਅਤੇ ਸਾਬਕਾ ਸੰਸਦੀ ਸਕੱਤਰ ਜਗਦੀਪ ਸਿੰਘ ਨੱਕਈ ਨੇ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਾਲੀ ਪੱਗ ਬੰਨ੍ਹ ਕੇ ਅਤੇ ਕਾਲਾ ਪਰਨਾ ਪਾ ਕੇ ਪਰਵਿੰਦਰ ਸਿੰਘ ਝੋਟਾ ਨੂੰ ਇਨਸਾਫ਼ ਦਿਵਾਉਣ ਲਈ ਸੰਘਰਸ਼ ਜਾਰੀ ਰੱਖਣ ਦਾ ਐਲਾਨ ਕੀਤਾ ਹੈ। ਜਗਦੀਪ ਸਿੰਘ ਨੱਕਈ ਨੇ ਕਿਹਾ ਕਿ ਜਦੋਂ ਤੱਕ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨੂੰ ਇਨਸਾਫ਼ ਨਹੀਂ ਮਿਲਦਾ, ਉਦੋਂ ਤੱਕ ਉਹ ਕਾਲੀ ਪੱਗ ਅਤੇ ਕਾਲਾ ਪਰਨਾ ਨਹੀਂ ਉਤਾਰਨਗੇ। ਉਨ੍ਹਾਂ ਕਿਹਾ ਕਿ ਇਹ ਕਾਲੀ ਪੱਗ ਸਿਰਫ਼ ਵਿਰੋਧ ਦਾ ਪ੍ਰਤੀਕ ਨਹੀਂ, ਸਗੋਂ ਇਨਸਾਫ਼ ਦੀ ਮੰਗ ਅਤੇ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨਾਲ ਜੁੜੇ ਇੱਕ ਗੰਭੀਰ ਮੁੱਦੇ ਪ੍ਰਤੀ ਵਚਨਬੱਧਤਾ ਦਾ ਪ੍ਰਗਟਾਵਾ ਹੈ। ਨੱਕਈ ਨੇ ਕਿਹਾ ਕਿ ਭਾਜਪਾ ਵਰਕਰਾਂ ਨੇ ਵੀ ਕਾਲੀਆਂ ਪੱਗਾਂ ਅਤੇ ਪਰਨੇ ਬੰਨ੍ਹ ਕੇ ਸਰਕਾਰ ਤੱਕ ਆਪਣੀ ਆਵਾਜ਼ ਪਹੁੰਚਾਉਣ ਦਾ ਸੰਕਲਪ ਲਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਲੋਕਾਂ ਦੀਆਂ ਭਾਵਨਾਵਾਂ ਅਤੇ ਇਨਸਾਫ਼ ਦੀ ਮੰਗ ਨੂੰ ਗੰਭੀਰਤਾ ਨਾਲ ਨਹੀਂ ਸੁਣਦੀ, ਤਾਂ ਲੋਕਤੰਤਰੀ ਤਰੀਕੇ ਨਾਲ ਵਿਰੋਧ ਜਾਰੀ ਰਹੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਝੋਟਾ ਨੂੰ ਇਨਸਾਫ਼ ਮਿਲਣ ਤੋਂ ਬਾਅਦ ਹੀ ਉਹ ਇਹ ਕਾਲੀਆਂ ਪੱਗਾਂ ਅਤੇ ਪਰਨੇ ਉਤਾਰਨਗੇ। ਜਗਦੀਪ ਸਿੰਘ ਨੱਕਈ ਨੇ ਦੱਸਿਆ ਕਿ ਭਾਜਪਾ ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਵੱਲੋਂ ਇਸ ਮਾਮਲੇ ਸਬੰਧੀ ਭਾਜਪਾ ਦੀ ਕੇਂਦਰੀ ਲੀਡਰਸ਼ਿਪ ਨਾਲ ਲਗਾਤਾਰ ਤਾਲਮੇਲ ਕੀਤਾ ਜਾ ਰਿਹਾ ਹੈ। ਉਨ੍ਹਾਂ ਅਨੁਸਾਰ, ਮਾਮਲੇ ਦੀ ਜਾਣਕਾਰੀ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਧਿਆਨ ਵਿੱਚ ਵੀ ਲਿਆਂਦੀ ਗਈ ਹੈ। ਨੱਕਈ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਉਨ੍ਹਾਂ ਦਾ ਛੋਟਾ ਵੀਰ ਸੀ। ਉਹ ਨਸ਼ਿਆਂ ਵਿਰੁੱਧ ਆਵਾਜ਼ ਉਠਾ ਕੇ ਪੰਜਾਬ ਦੇ ਨੌਜਵਾਨਾਂ ਦੇ ਉੱਜਵਲ ਭਵਿੱਖ ਅਤੇ ਇੱਕ ਚੰਗੇ ਸਮਾਜ ਦੀ ਸਿਰਜਣਾ ਲਈ ਯਤਨਸ਼ੀਲ ਸੀ। ਉਨ੍ਹਾਂ ਕਿਹਾ ਕਿ ਝੋਟਾ ਦੇ ਪਰਿਵਾਰ ਅਤੇ ਸੰਘਰਸ਼ ਕਮੇਟੀ ਵੱਲੋਂ ਇਨਸਾਫ਼ ਲਈ ਜੋ ਵੀ ਜਾਇਜ਼ ਮੰਗਾਂ ਰੱਖੀਆਂ ਜਾਣਗੀਆਂ, ਭਾਜਪਾ ਉਨ੍ਹਾਂ ਨੂੰ ਪੂਰਾ ਸਮਰਥਨ ਦੇਵੇਗੀ। ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਮੁਹਿੰਮ 'ਤੇ ਸਵਾਲ ਉਠਾਉਂਦਿਆਂ ਜਗਦੀਪ ਸਿੰਘ ਨੱਕਈ ਨੇ ਕਿਹਾ ਕਿ ਸਰਕਾਰ ਦੀ ਮੁਹਿੰਮ ਅਤੇ ਜ਼ਮੀਨੀ ਹਕੀਕਤ ਵਿਚਕਾਰ ਫ਼ਰਕ ਦਿਖਾਈ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਨਸ਼ਾ ਤਸਕਰੀ ਨੂੰ ਰੋਕਣ ਲਈ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾਂਦੀ, ਤਾਂ ਸਮਾਜ ਨੂੰ ਨਸ਼ਿਆਂ ਵਿਰੁੱਧ ਲੜਨ ਲਈ ਇਸ ਤਰ੍ਹਾਂ ਦੇ ਹਾਲਾਤਾਂ ਦਾ ਸਾਹਮਣਾ ਨਾ ਕਰਨਾ ਪੈਂਦਾ। ਉਨ੍ਹਾਂ ਦੋਸ਼ ਲਾਇਆ ਕਿ ਪਰਵਿੰਦਰ ਸਿੰਘ ਝੋਟਾ ਨਸ਼ਿਆਂ ਵਿਰੁੱਧ ਆਵਾਜ਼ ਉਠਾ ਰਿਹਾ ਸੀ ਅਤੇ ਉਸ ਦਾ ਗੋਲੀਆਂ ਮਾਰ ਕੇ ਕਤਲ ਕੀਤੇ ਜਾਣ ਦੀ ਘਟਨਾ ਨੇ ਪੰਜਾਬ ਦੀ ਕਾਨੂੰਨ-ਵਿਵਸਥਾ ਅਤੇ ਨਸ਼ਿਆਂ ਵਿਰੁੱਧ ਮੁਹਿੰਮ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਅਤੇ ਪਰਿਵਾਰ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੰਚ ਵੱਲੋ ਦੋ ਰੋਜ਼ਾ ਹੜਤਾਲ ਸਬੰਧੀ ਕੀਤੀ ਮੀਟਿੰਗ

### ਹੁਸ਼ਿਆਰਪੁਰ ਦੇ ਮੁਲਾਜ਼ਮ 21-22 ਤਾਰੀਕ ਨੂੰ ਸਮੂਹਿਕ ਛੁੱਟੀ ਲੈ ਕੇ ਰੋਸ ਪ੍ਰਦਰਸ਼ਨ 'ਚ ਸ਼ਾਮਲ ਹੋਣਗੇ



**ਹੁਸ਼ਿਆਰਪੁਰ, 18 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੰਚ ਦੀ ਅਹਿਮ ਮੀਟਿੰਗ ਪੰਜਾਬ ਸਟੇਟ ਪੈਨਸ਼ਨਰਸ ਕਨ ਫੈਡਰੇਸ਼ਨ ਦੇ ਜਨਰਲ ਸਕੱਤਰ ਕੁਲਵਰਨ ਸਿੰਘ ਦੀ ਪ੍ਰਧਾਨਗੀ ਹੇਠ ਮੁਲਾਜ਼ਮ ਭਵਨ ਹੁਸ਼ਿਆਰਪੁਰ ਵਿਖੇ ਹੋਈ। ਮੀਟਿੰਗ 'ਚ ਵੱਖ ਵੱਖ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਨੁੰਮਾਇਦੇ ਸ਼ਾਮਲ ਹੋਏ। ਪੰਜਾਬ ਦੇ ਸੂਬਾ ਕਨਵੀਨਰ ਸਤੀਸ਼ ਰਾਣਾ ਨੇ ਪੰਜਾਬ ਸਰਕਾਰ ਦੇ ਅੜਿੱਅਲ ਵਤੀਰੇ ਅਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਪ੍ਰਤੀ ਅਣਦੇਖੀ ਦੀ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਦੇ ਰਵੱਈਏ ਪ੍ਰਤੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ 'ਚ ਰੋਸ ਹੈ। ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੰਚ ਨੇ ਸਰਕਾਰ ਖ਼ਿਲਾਫ਼ ਨਿਰਣਾਇਕ ਸੰਘਰਸ਼ ਤਹਿਤ 21 ਅਤੇ 22 ਤਾਰੀਕ ਨੂੰ ਸਮੂਹਿਕ ਛੁੱਟੀ ਲੈ ਕੇ ਹੜਤਾਲ ਦਾ ਸੱਦਾ ਦਿੱਤਾ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਰਦਾਰ ਬਹਾਦਰ ਸਿੰਘ, ਭੁਪਿੰਦਰ ਸਿੰਘ, ਬਲਵੀਰ ਸਿੰਘ ਸੈਣੀ, ਓਂਕਾਰ ਸਿੰਘ, ਅਨੀਰੁੱਧ ਮੋਦਗਿੱਲ, ਜਸਵੀਰ ਸਿੰਘ, ਮੱਖਣ ਸਿੰਘ ਲੰਗੇਰੀ, ਮਨਜੀਤ ਸਿੰਘ ਸੈਣੀ ਅਤੇ ਮਨਜੀਤ ਬਾਜਵਾ ਨੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਮਾਰੂ ਨੀਤੀਆਂ ਦੀ ਸਖਤ ਨਿਖੇਧੀ ਕੀਤੀ। ਉਨਾਂ ਦੋਸ਼ ਲਾਇਆ ਕਿ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰਨ ਲਈ ਮਜਬੂਰ ਕਰ ਰਹੀ ਹੈ ਕਿਉਂਕਿ ਪਿਛਲੇ ਸਾਢੇ ਚਾਰ ਸਾਲਾਂ ਤੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਕੋਈ ਵੀ ਮੰਗ ਨਹੀਂ ਮੰਨੀ ਗਈ ਸਗੋਂ ਮੀਟਿੰਗਾਂ ਕਰਕੇ ਵੀ ਕੋਈ ਠੋਸ ਨਿਰਨੇ ਨਹੀਂ ਲਏ ਗਏ ਇਸ ਦੇ ਉਲਟ ਮਾਨਯੋਗ ਅਦਾਲਤਾਂ ਵੱਲੋਂ ਹੋਏ ਮੁਲਾਜ਼ਮ ਅਤੇ ਪੈਨਸ਼ਨਰ ਪੱਖੀ ਫੈਸਲਿਆਂ ਨੂੰ ਵੀ ਲਾਗੂ ਕਰਨ ਤੋਂ ਸਰਕਾਰ ਭੱਜ ਰਹੀ ਹੈ। ਜਿਸ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਵੱਡੇ ਪੱਧਰ ਤੇ ਰੋਸ ਪਾਇਆ ਜਾ ਰਿਹਾ ਹੈ। ਆਗੂਆਂ ਨੇ ਹੁਸ਼ਿਆਰਪੁਰ ਦੇ ਸਮੂਹ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਹੜਤਾਲ 'ਚ ਸ਼ਾਮਲ ਹੋਣ ਦਾ ਵਿਸ਼ਵਾਸ ਦਿੱਤਾ। ਬਿਜਲੀ ਬੋਰਡ ਦੇ ਆਗੂ ਜਸਵੀਰ ਸਿੰਘ ਨੇ ਦੱਸਿਆ ਕਿ ਪੀਐਸਪੀਸੀਐਲ ਦੇ ਸਮੂਹ ਮੁਲਾਜ਼ਮ 21- 22 ਨੂੰ ਦੋ ਦਿਨ ਸਮੂਹਕ ਛੁੱਟੀ ਲੈ ਕੇ ਮਿਨੀ ਸਕੱਤਰੇਤ ਵਿਖੇ ਹੋ ਰਹੀ ਰੋਸ ਰੈਲੀ ਵਿੱਚ ਸ਼ਾਮਿਲ ਹੋਣਗੇ। ਹੜਤਾਲ ਦੀ ਸਫ਼ਲਤਾ ਲਈ ਸਰਕਾਰੀ ਅਦਾਰਿਆਂ 'ਚ ਕੰਮ ਕਰਦੇ ਮੁਲਾਜ਼ਮਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ। ਪੈਨਸ਼ਨਰ ਐਸੋਸੀਏਸ਼ਨ ਨੇ ਵੀ 21-22 ਦੀ ਹੜਤਾਲ 'ਚ ਵਧ ਚੜ੍ਹ ਕੇ ਯੋਗਦਾਨ ਪਾਉਣ ਦੀ ਗੱਲ ਕਹੀ ਹੈ। ਉਪਰੋਕਤ ਤੋਂ ਇਲਾਵਾ ਰਾਮ ਜੀ ਦਾਸ ਚੌਹਾਨ ਹਰਵਿੰਦਰ ਸਿੰਘ, ਸਤਨਾਮ ਸਿੰਘ, ਕਮਲਜੀਤ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

# ਥਾਣਾ ਸਿਟੀ ਪੱਟੀ ਦੀ ਪੁਲਿਸ ਵੱਲੋਂ ਚੋਰੀ ਦੇ ਦੋ ਮੋਟਰਸਾਈਕਲ ਤੇ ਇੱਕ ਐਕਟਿਵਾ ਬਰਾਮਦ, ਚੋਰ ਫਰਾਰ

**ਪੱਟੀ, 18 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੁਲਿਸ ਥਾਣਾ ਸਿਟੀ ਪੱਟੀ ਦੀ ਪੁਲਿਸ ਨੇ ਖਾਸ ਮੁਖਬਰ ਦੀ ਇਤਲਾਹ 'ਤੇ ਦੋ ਚੋਰੀ ਦੇ ਮੋਟਰਸਾਈਕਲ ਤੇ ਇੱਕ ਐਕਟਿਵਾ ਬਰਾਮਦ ਕੀਤੀ ਹੈ ਜਦਕਿ ਦੋਸ਼ੀ ਫਰਾਰ ਹੋਣ ਵਿੱਚ ਸਫਲ ਰਿਹਾ। ਇਸ ਸਬੰਧੀ ਥਾਣਾ ਮੁਖੀ ਐਸ ਆਈ ਵਿਪਨ ਕੁਮਾਰ ਨੇ ਦੱਸਿਆ ਕਿ ਏ ਐੱਸ ਆਈ ਸਰੂਪ ਸਿੰਘ ਪੁਲਿਸ ਪਾਰਟੀ ਸਮੇਤ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਗਸ਼ਤ ਦੌਰਾਨ ਪੁਰਾਣਾਂ ਬਿਜਲੀ ਘਰ ਪੱਟੀ ਨਜ਼ਦੀਕ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸੰਨੀ ਪੁੱਤਰ ਭੀਮ ਵਾਸੀ ਵਾਰਡ ਨੰਬਰ 2 ਪੱਟੀ, ਮੋਟਰਸਾਈਕਲ ਤੇ ਐਕਟਿਵਾ ਚੋਰੀ ਕਰਕੇ ਆਪਣੇ ਘਰ ਰੱਖ ਕੇ ਅੱਗੇ ਵੇਚਣ ਦਾ ਆਦੀ ਹੈ। ਸੋ ਸੰਨੀ ਨੇ ਅੱਜ ਵੀ ਚੋਰੀ ਕੀਤੇ ਮੋਟਰਸਾਈਕਲ ਤੇ ਐਕਟਿਵਾ ਅੱਗੇ ਵੇਚਣ ਦੀ ਨੀਅਤ ਨਾਲ ਆਪਣੇ ਘਰ ਦੀ ਬੈਕ ਸਾਈਡ ਵਿਹੜੇ ਵਿੱਚ ਲੁਕਾ ਕੇ ਰੱਖੇ ਹਨ। ਜੇਕਰ ਹੁਣੇ ਛਾਪਾਮਾਰੀ ਕੀਤੀ ਜਾਵੇ ਤਾਂ ਚੋਰੀ ਦੇ ਮੋਟਰਸਾਈਕਲਾਂ ਤੇ ਐਕਟਿਵਾ ਸਮੇਤ ਕਾਬੂ ਕੀਤਾ ਜਾ ਸਕਦਾ ਹੈ। ਜਿਸ 'ਤੇ ਪੁਲਿਸ ਨੇ ਇਤਲਾਹ ਠੋਸ ਮੰਨਦੇ ਹੋਏ ਮੁਕੱਦਮਾ ਦਰਜ ਕੀਤਾ ਅਤੇ ਛਾਪਾਮਾਰੀ ਦੌਰਾਨ ਸੰਨੀ ਫਰਾਰ ਹੋਣ ਵਿੱਚ ਕਾਮਯਾਬ ਹੋ ਗਿਆ, ਜਦਕਿ ਪੁਲਿਸ ਨੇ ਉਸ ਦੇ ਘਰੋਂ ਮੌਕੇ ਤੋਂ ਦੋ ਮੋਟਰਸਾਇਕਲ ਤੇ ਇੱਕ ਐਕਟਿਵਾ ਬਰਾਮਦ ਕੀਤੀ ਹੈ। ਦੋਸ਼ੀ ਨੂੰ ਕਾਬੂ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਪੰਜਾਬ ਦੀ ਜ਼ਬਾਨੀ ਨੂੰ ਨਸ਼ਿਆਂ 'ਚ ਰੋੜਨਾ ਇੱਕ ਗਹਿਰੀ ਸ਼ਾਜਿਸ਼ - ਮਨਿੰਦਰ ਸ਼ੇਰਪੁਰੀ, ਰਮਨ ਰੱਲ, ਦਲਜੀਤ ਰਾਏ

**ਹੁਸ਼ਿਆਰਪੁਰ, 18 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ 'ਚ ਨਸ਼ਿਆਂ ਦੇ ਵਪਾਰ ਵਿਰੁੱਧ ਆਵਾਜ਼ ਚੁੱਕਣ ਵਾਲੇ ਅਤੇ ਪੰਜਾਬ ਦੇ ਮਾਵਾਂ ਦੇ ਪੁੱਤ ਨਸ਼ਿਆਂ ਤੋਂ ਬਚਾਉਣ ਲਈ ਅੱਗੇ ਆਏ ਪਰਮਿੰਦਰ ਸਿੰਘ ਝੋਟੇ ਦੇ ਹੋਏ ਕਤਲ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਅਤੇ ਸਰਕਾਰ ਦੀਆਂ ਦੋਗਲੀਆਂ ਨੀਤੀਆਂ ਦਾ ਸਖਤ ਨੋਟਿਸ ਲੈਂਦਿਆਂ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਸਕੱਤਰ ਮਨਿੰਦਰ ਸਿੰਘ ਸ਼ੇਰਪੁਰੀ, ਲੋਕ ਸਭਾ ਹੁਸ਼ਿਆਰਪੁਰ ਦੇ ਇੰਚਾਰਜ ਰਮਨ ਰੱਲ ਅਤੇ ਜ਼ਿਲਾ ਪ੍ਰਧਾਨ ਦਲਜੀਤ ਰਾਏ ਨੇ ਕਿਹਾ ਕਿ ਪਰਮਿੰਦਰ ਝੋਟੇ ਦਾ ਕਤਲ ਪੰਜਾਬ ਸੋਚੀ ਸਮਝੀ ਸ਼ਾਜਿਸ਼ ਅਤੇ ਮਾਨਸਾ ਪੁਲਿਸ ਦੀ ਢਿੱਲ ਮੱਠ ਦਾ ਨਤੀਜਾ ਹੈ ਉਨਾਂ ਕਿਹਾ ਪੰਜਾਬ ਦੀ ਜ਼ਬਾਨੀ ਨੂੰ ਨਸ਼ਿਆਂ ਦੀ ਦਲ ਦਲ ਵਿੱਚ ਰੋੜਨਾ ਗਹਿਰੀ ਸ਼ਾਜਿਸ਼ ਦਾ ਨਤੀਜਾ ਹੈ ਜਿਸਦਾ ਬਸਪਾ ਪੰਜਾਬ ਵਲੋਂ ਸਖਤ ਵਿਰੋਧ ਅਤੇ ਰੋਸ ਕੀਤਾ ਜਾ ਰਿਹਾ ਹੈ। ਬਸਪਾ ਆਗੂਆਂ ਨੇ ਕਿਹਾ ਹੁਣ ਨਸ਼ਿਆਂ ਖਿਲਾਫ ਆਵਾਜ਼ ਉਠਾਉਣ ਵਾਲਿਆਂ ਤੇ ਨਸ਼ਾ ਤਸਕਰ ਸਰੇਆਮ ਗੋਲੀਆਂ ਚਲਾਕੇ ਮੌਤ ਦੇ ਘਾਟ ਉਤਾਰ ਰਹੇ ਹਨ। ਪੰਜਾਬ ਅੰਦਰ ਅਮਨ ਕਾਨੂੰਨ ਨਾਂ ਦੀ ਕੋਈ ਚੀਜ਼ ਨਹੀਂ ਰਹਿ ਗਈ। ਉਨਾਂ ਕਿਹਾ ਸਰਕਾਰ ਬੇਰੋਕ ਚੱਲ ਰਹੇ ਨਸ਼ਾ ਸਪਲਾਈ ਨੂੰ ਰੋਕਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ ਅਤੇ ਪਹਿਲੀਆਂ ਸਰਕਾਰਾਂ ਦੇ ਮੁਕਾਬਲੇ ਹੁਣ ਦੀ ਆਪ ਸਰਕਾਰ ਦੇ ਕਾਰਜਕਾਲ 'ਚ ਨਸ਼ਾ ਸਪਲਾਈ ਕਰਨ ਵਾਲਿਆਂ ਦੇ ਹੌਂਸਲੇ ਹੋਰ ਬੁਲੰਦ ਹੋਏ ਹਨ ਜਿਸਦੇ ਨਤੀਜੇ ਵਜੋਂ ਹਰ ਰੋਜ਼ ਹੀ ਪੰਜਾਬ ਵਿੱਚ ਨਸ਼ਿਆਂ ਨਾਲ ਮਰਨ ਵਾਲਿਆਂ ਦੀਆਂ ਖਬਰਾਂ ਆ ਰਹੀਆਂ ਹਨ। ਪੰਜਾਬ ਅੰਦਰ ਅਮਨ ਕਾਨੂੰਨ ਨਾਂ ਦੀ ਕੋਈ ਚੀਜ਼ ਨਹੀਂ ਰਹਿ ਗਈ। ਉਨਾਂ ਕਿਹਾ ਸਰਕਾਰ ਬੇਰੋਕ ਚੱਲ ਰਹੇ ਨਸ਼ਾ ਸਪਲਾਈ ਨੂੰ ਰੋਕਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ ਅਤੇ ਪਹਿਲੀਆਂ ਸਰਕਾਰਾਂ ਦੇ ਮੁਕਾਬਲੇ ਹੁਣ ਦੀ ਆਪ ਸਰਕਾਰ ਦੇ ਕਾਰਜਕਾਲ 'ਚ ਨਸ਼ਾ ਸਪਲਾਈ ਕਰਨ ਵਾਲਿਆਂ ਦੇ ਹੌਂਸਲੇ ਹੋਰ ਬੁਲੰਦ ਹੋਏ ਹਨ ਜਿਸਦੇ ਨਤੀਜੇ ਵਜੋਂ ਹਰ ਰੋਜ਼ ਹੀ ਪੰਜਾਬ ਵਿੱਚ ਨਸ਼ਿਆਂ ਨਾਲ ਮਰਨ ਵਾਲਿਆਂ ਦੀਆਂ ਖਬਰਾਂ ਆ ਰਹੀਆਂ ਹਨ। ਉਨ੍ਹਾਂ ਪੰਜਾਬ 'ਚ ਦਿਨੋ ਦਿਨ ਵਿਗੜ ਰਹੀ ਕਾਨੂੰਨ ਵਿਵਸਥਾ ਦੀ ਹਾਲਤ 'ਤੇ ਗਹਿਰੀ ਚਿੰਤਾ ਪ੍ਰਗਟ ਕੀਤੀ। ਬਸਪਾ ਆਗੂਆਂ ਨੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਪੰਜਾਬ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਹੇਠ ਪੰਜਾਬ ਸੰਭਾਲੋ ਮੁਹਿੰਮ ਰਾਹੀਂ ਪੰਜਾਬ ਦੀ ਜ਼ਬਾਨੀ ਨੂੰ ਬਚਾਉਣ ਲਈ ਅਤੇ ਪਰਮਿੰਦਰ ਝੋਟੇ ਦੇ ਕਾਤਲਾਂ ਨੂੰ ਸਖ਼ਤ ਸਜ਼ਾ ਦਿਵਾਉਣ ਲਈ ਵਿੱਢੇ ਸੰਘਰਸ਼ ਦਾ ਸਮਰਥਨ ਕਰੇਗੀ। ਉਨਾਂ ਮੰਗ ਕੀਤੀ ਕਿ ਪਰਮਿੰਦਰ ਦੇ ਕਾਤਲਾਂ ਨੂੰ ਤੁਰੰਤ ਗ੍ਰਿਫਤਾਰ ਕਰਕੇ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ ਤੇ ਪਰਿਵਾਰ ਨੂੰ ਇਨਸਾਫ ਦਿੱਤਾ ਜਾਵੇ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

+447458381111 +447976210161 +919729091243